ਪੱਤਰਕਾਰ ਬਣੋ
'ਵੀਰ ਕੇਸਰੀ'
ਅਖ਼ਬਾਰ ਨੂੰ ਪੰਜਾਬ ਭਰ 'ਚੋਂ ਜਿਲ੍ਹਾ ਇੰਚਾਰਜਾਂ ਅਤੇ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਸੰਪਰਕ ਕਰਨ
89274-70009
99881 35344

ਵੀਰ ਕੇਸਰੀ

ਮੁੱਖ ਸੰਪਾਦਕ : ਵਿਜੇ ਸ਼ਰਮਾ ਸ਼ੁੱਕਰਵਾਰ, 13 ਨਵੰਬਰ 2026 ਸਾਲ 3, RNI No. PUN PUN/04216

ਪੱਤਰਕਾਰ ਬਣੋ
'ਵੀਰ ਕੇਸਰੀ'
ਅਖ਼ਬਾਰ ਨੂੰ ਪੰਜਾਬ ਭਰ 'ਚੋਂ ਜਿਲ੍ਹਾ ਇੰਚਾਰਜਾਂ ਅਤੇ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਸੰਪਰਕ ਕਰਨ
89274-70009
99881 35344

Email - veerkesripnpw@gmail.com Web site : www.veerkesri.com Facebook - veerkesri Instagram veerkesri

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੂੰ ਗਹਿਰਾ ਸਦਮਾ, ਚਚੇਰੇ ਭਰਾ ਅਤੇ ਆੜ੍ਹਤੀਆ ਐਸੋਸੀਏਸਨ ਦੇ ਪ੍ਰਧਾਨ ਜੀਵਨ ਕੁਮਾਰ ਰੱਬੜ ਦਾ ਦਿਹਾਂਤ



ਲਹਿਰਾਗਾਗਾ, 13 ਨਵੰਬਰ (ਪ.ਪ): ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਚਚੇਰੇ ਭਰਾ ਅਤੇ ਆੜ੍ਹਤੀਆ ਐਸੋਸੀਏਸਨ ਲਹਿਰਾਗਾਗਾ ਦੇ ਪ੍ਰਧਾਨ ਜੀਵਨ ਕੁਮਾਰ ਰੱਬੜ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੇ ਦਿਹਾਂਤ ਦੀ ਦੁਖਦਾਈ ਖਬਰ ਫੈਲਦਿਆਂ ਹੀ ਲਹਿਰਾਗਾਗਾ ਸਮੇਤ ਸਮੁੱਚੇ ਇਲਾਕੇ ਦੇ ਵਪਾਰਕ, ਸਮਾਜਿਕ ਅਤੇ ਰਾਜਨੀਤਿਕ ਹਲਕਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ। ਜੀਵਨ ਕੁਮਾਰ ਰੱਬੜ ਦੇ ਅਕਾਲ ਚਲਾਣੇ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਨਮੀਕ ਸਿੰਘ ਹੈਨਰੀ,ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਸਵਨੀ ਗਰਗ ਆਸੂ ਭੱਠੇ ਵਾਲੇ, ਭਾਜਪਾ ਦੇ ਸੀਨੀਅਰ ਆਗੂ ਸੱਤਪਾਲ ਸਿੰਗਲਾ, ਭਾਜਪਾ ਪੰਜਾਬ ਕਾਰਜਕਾਰਨੀ ਦੇ ਮੈਂਬਰ ਵਿਨੋਦ ਸਿੰਗਲਾ ਬੋਨਾ, ਪੰਜਾਬ ਦੀ ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ, ਟਰੇਡ ਕਮਿਸਨ ਦੇ ਚੇਅਰਮੈਨ ਪ੍ਰਿੰਸ ਗਰਗ, ਸੈਲਰ ਐਸੋਸੀਏਸਨ ਲਹਿਰਾਗਾਗਾ ਦੇ ਪ੍ਰਧਾਨ ਚਰਨਜੀਤ ਸਰਮਾ, ਸਾਬਕਾ ਖਜਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਮਾਰਕੀਟ ਕਮੇਟੀ ਲਹਿਰਾਗਾਗਾ ਦੇ ਚੇਅਰਮੈਨ ਡਾ. ਸੀਸਪਾਲ ਅਨੰਦ, ਸਮਾਜ ਸੇਵੀ ਯੁਗੇਸ ਕੁਮਾਰ ਟੋਨੀ, ਐਸ.ਐਸ. ਜੈਨ ਸਭਾ ਲਹਿਰਾਗਾਗਾ ਦੇ ਮਹਾਮੰਤਰੀ ਪੁਨੀਤ ਜੈਨ, ਪ੍ਰੈਸ ਕਲੱਬ ਲਹਿਰਾਗਾਗਾ ਦੇ ਪ੍ਰਧਾਨ ਅਨਿਲ ਜੈਨ, ਸੁਰੇਸ ਕੁਮਾਰ ਜਵਾਹਰ ਵਾਲਾ, ਰਤਨ ਗਰਗ , ਵਰਿੰਦਰ ਸਿੰਗਲਾ , ਮੈਡਮ ਨੈਨਸੀ, ਰਾਜ ਸਿੰਗਲਾ , ਅਸੋਕ ਬਾਂਸਲ ਸੈਲਰ ਵਾਲੇ, ਸਮਾਜ ਸੇਵੀ ਨੀਤਨ ਗਰਗ ਨੀਕਾ ਭੱਠੇ ਵਾਲਾ, ਜ਼ਿਲ੍ਹਾ ਸੰਗਰੂਰ ਭੱਠਾ ਐਸੋਸੀਏਸਨ ਦੇ ਲੀਗਲ ਐਡਵਾਈਜਰ ਰਾਧੇ ਗੋਇਲ, ਸਮਾਜ ਸੇਵੀ ਸੁਰਿੰਦਰ ਕੁਮਾਰ ਖੱਟ ਘੀ ਵਾਲੇ, ਆਮ ਆਦਮੀ ਪਾਰਟੀ ਦੇ ਆਗੂ ਅਜੇ ਕੁਮਾਰ ਠੋਲੀ, ਗਰੀਬ ਪਰਿਵਾਰ ਫੰਡ ਦੇ ਪ੍ਰਧਾਨ ਸੰਜੀਵ ਕੁਮਾਰ ਰੋਡਾ, ਸਮਾਜ ਸੇਵੀ ਜੀਵਨ ਕੁਮਾਰ ਕਾਲਾ ਹਰਿਆਉ ਵਾਲੇ, ਸਤੀਸ ਗੋਇਲ ਡੇਅਰੀ ਵਾਲੇ, ਸਮਾਜ ਸੇਵੀ ਪੱਤਰਕਾਰ ਦੀਪੂ ਗਰਗ, ਟਰੱਕ ਯੂਨੀਅਨ ਲਹਿਰਾਗਾਗਾ ਦੇ ਸਾਬਕਾ ਪ੍ਰਧਾਨ ਗੁਰਸੇਵਕ ਸਿੰਘ ਗਾਗਾ, 'ਆਪ' ਆਗੂ ਮੋਹਿਤ ਕੁਮਾਰ ਅਤੇ ਹਲਕਾ ਕੋਆਰਡੀਨੇਟਰ ਵਿਸਾਲ ਕਾਸਲ ਖਨੌਰੀ ਮੰਡੀ, ਟਰੱਕ ਯੂਨੀਅਨ ਲਹਿਰਾਗਾਗਾ ਦੇ ਪ੍ਰਧਾਨ ਸੱਤਪਾਲ ਸਿੰਘ ਕਾਲਾ ਖੰਡੇਬਾਦ, ਕੌਂਸਲਰ ਕਪਲਾਸ ਤਾਇਲ ,ਆੜ੍ਹਤੀਆਂ ਐਸੋਸੀਏਸਨ ਪੰਜਾਬ ਦੇ ਵਾਇਸ ਪ੍ਰਧਾਨ ਸੰਜੀਵ ਸਿੰਗਲਾ, ਸਮਾਜ ਸੇਵੀ ਜੀਵਨ ਕੁਮਾਰ ਕਾਲਾ ਹਰਿਆਉ ਵਾਲੇ, ਆਪ ਆਗੂ ਸਿਮਰਨਪਾਲ ਗਿਫਟੀ, ਸਮੇਤ ਇਲਾਕੇ ਦੀਆਂ ਅਨੇਕਾਂ ਸਮਾਜਿਕ, ਧਾਰਮਿਕ, ਰਾਜਨੀਤਿਕ ਅਤੇ ਵਪਾਰਕ ਸਖਸੀਅਤਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਸੋਗ ਪ੍ਰਗਟ ਕਰਨ ਵਾਲੀਆਂ ਸਖਸੀਅਤਾਂ ਨੇ ਕਿਹਾ ਕਿ ਜੀਵਨ ਕੁਮਾਰ ਰੱਬੜ ਦਾ ਅਕਾਲ ਚਲਾਣਾ ਪਰਿਵਾਰ ਲਈ ਹੀ ਨਹੀਂ, ਸਗੋਂ ਸਮੁੱਚੇ ਵਪਾਰੀ ਵਰਗ ਅਤੇ ਇਲਾਕੇ ਲਈ ਵੀ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਉਹ ਗੋਇਲ ਪਰਿਵਾਰ ਅਤੇ ਵਿਛੜੇ ਪਰਿਵਾਰਕ ਮੈਂਬਰਾਂ ਦੇ ਦੁੱਖ ਵਿੱਚ ਸਰੀਕ ਹਨ। ਅੰਤ ਵਿੱਚ ਸਮੂਹ ਸਖਸੀਅਤਾਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਣ ਅਤੇ ਪਰਿਵਾਰਕ ਮੈਂਬਰਾਂ ਤੇ ਸਨੇਹੀਆਂ ਨੂੰ ਇਸ ਅਸਹਿ ਦੁੱਖ ਨੂੰ ਸਹਿਣ ਕਰਨ ਦਾ ਹੌਸਲਾ ਅਤੇ ਬਲ ਪ੍ਰਦਾਨ ਕਰਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਇਮਾਨਦਾਰੀ ਦੀ ਮਿਸਾਲ: ਸੜਕ 'ਤੇ ਮਿਲਿਆ ਪਰਸ ਨਗਦੀ ਅਤੇ ਜਰੂਰੀ ਕਾਗਜਾਤ ਸਮੇਤ ਮਾਲਕ ਨੂੰ ਵਾਪਸ ਕੀਤਾ

ਅੱਜ ਸਵੇਰੇ ਜਦੋਂ ਮੈਂ ਆਪਣੀ ਸਕੂਲ ਵੈਨ ਲੈ ਕੇ ਆ ਰਿਹਾ ਸੀ ਤਾਂ ਖਿਓਵਾਲੀ ਬੋਦਲਾ ਤੋਂ ਘੱਟਿਆਂ ਵਾਲਾ ਰਸਤੇ ਵਿੱਚ ਮੈਨੂੰ ਸੜਕ 'ਤੇ ਇੱਕ ਪਰਸ ਮਿਲਿਆ, ਜਿਸ ਵਿੱਚ 200-200 ਰੁਪਏ ਦੇ ਨੋਟ, ਆਧਾਰ ਕਾਰਡ, ਪੈਨ ਕਾਰਡ ਅਤੇ ਹੋਰ ਜਰੂਰੀ ਕਾਗਜਾਤ ਸਨ।

ਕਾਗਜਾਤ ਦੀ ਜਾਂਚ ਕਰਨ 'ਤੇ ਪਤਾ ਲੱਗਿਆ ਕਿ ਇਹ ਪਰਸ ਵਿਰਸਾ ਸਿੰਘ ਪੁੱਤਰ ਜੋਗਿੰਦਰ ਸਿੰਘ, ਵਾਸੀ ਸਾਹਿਬਜਾਦਾ ਅਜੀਤ ਸਿੰਘ ਨਗਰ, ਚੱਕ ਪੱਖੀ ਸਟੇਸਨ ਦਾ ਹੈ।

ਪਰਸ ਦੇ ਅਸਲ ਮਾਲਕ ਤੱਕ ਪਹੁੰਚਣ ਲਈ ਪਹਿਲਾਂ ਸਰਪੰਚ ਸੰਦੀਪ ਸਿੰਘ ਸਾਹਿਬਜਾਦਾ ਅਜੀਤ ਨਗਰ ਅਤੇ ਸਰਪੰਚ ਰਵੀ ਖਿਓਵਾਲੀ ਬੋਦਲਾ ਨਾਲ ਸੰਪਰਕ ਕਰਨ ਦੀ ਕੋਸ਼ਿਸ ਕੀਤੀ, ਪਰ ਸੰਪਰਕ ਨਹੀਂ ਹੋ ਸਕਿਆ।

ਇਸ ਤੋਂ ਬਾਅਦ ਮੇਰੇ ਨਾਲ ਵੈਨ ਵਿੱਚ ਸਫਰ ਕਰ ਰਹੇ ਦਸਵੀਂ ਜਮਾਤ ਦੇ ਵਿਦਿਆਰਥੀ ਸੁਮਿਤ ਕੰਬੋਜ ਦੇ ਪਿਤਾ ਮਾਸਟਰ ਕਸਮੀਰ ਸਿੰਘ ਜੀ ਨੇ ਫੋਨ ਰਾਹੀਂ ਵਿਰਸਾ ਸਿੰਘ ਨਾਲ ਸੰਪਰਕ ਕੀਤਾ। ਜਦੋਂ ਉਨ੍ਹਾਂ ਤੋਂ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦਾ 3360 ਰੁਪਏ ਨਗਦ ਅਤੇ ਜਰੂਰੀ ਕਾਗਜਾਤ ਵਾਲਾ ਪਰਸ ਗੁੰਮ ਹੋ ਗਿਆ ਹੈ।



ਅੱਜ ਉਨ੍ਹਾਂ ਨੂੰ ਰੈਡੀਐਂਟ ਪਬਲਿਕ ਸਕੂਲ ਵਿਖੇ ਬੁਲਾ ਕੇ ਉਨ੍ਹਾਂ ਦਾ ਗੁੰਮ ਹੋਇਆ ਪਰਸ 3360 ਰੁਪਏ ਦੀ ਪੂਰੀ ਨਗਦੀ ਅਤੇ ਸਾਰੇ ਕਾਗਜਾਤ ਸਮੇਤ ਸਹੀ-ਸਲਾਮਤ ਵਾਪਸ ਕਰ ਦਿੱਤਾ। ਵਿਰਸਾ ਸਿੰਘ ਵੱਲੋਂ ਚੇਅਰਮੈਨ ਬਿੱਟੂ ਚਿਮਨੇਵਾਲਾ ਬਹੁਤ-ਬਹੁਤ ਧੰਨਵਾਦ ਕੀਤਾ ।

ਮੇਰੇ ਲਈ ਇਹ ਸਿਰਫ ਇੱਕ ਪਰਸ ਵਾਪਸ ਕਰਨਾ ਨਹੀਂ, ਸਗੋਂ ਆਪਣੀ ਜਮੀਰ, ਇਮਾਨਦਾਰੀ ਅਤੇ ਇਨਸਾਨੀਅਤ ਪ੍ਰਤੀ ਫਰਜ ਨਿਭਾਉਣਾ ਹੈ। ਇਮਾਨਦਾਰੀ ਅੱਜ ਵੀ ਜ਼ਿੰਦਾ ਹੈ ਅਤੇ ਇਨਸਾਨੀਅਤ ਤੋਂ ਵੱਡੀ ਕੋਈ ਦੌਲਤ ਨਹੀਂ।

ਚੇਅਰਮੈਨ ਬਿੱਟੂ ਚਿਮਨੇਵਾਲ

ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ

ਸ਼੍ਰੋਮਣੀ ਕਮੇਟੀ ਵੱਲੋਂ ਬੱਬਰ ਅਕਾਲੀ ਮੈਮੋਰੀਅਲ ਖਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਰਵਾਇਆ ਪਹਿਲਾ ਸੈਮੀਨਾਰ

ਸੈਮੀਨਾਰ ਦੌਰਾਨ ਬੁਲਾਰਿਆਂ ਨੇ ਭਗਤ ਰਵਿਦਾਸ ਜੀ ਦੀ ਵਿਚਾਰਧਾਰਾ, ਬਾਣੀ ਦੇ ਫ਼ਲਸਫ਼ੇ ਅਤੇ ਮਨੁੱਖਤਾ ਨੂੰ ਦਿੱਤੇ ਸਰਬਸਾਂਝੇ ਸੰਦੇਸ਼ ਬਾਰੇ ਕੀਤੀਆਂ ਵਿਚਾਰਾਂ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਅੰਮ੍ਰਿਤਸਰ, 12 ਨਵੰਬਰ-(ਕੰਵਲਜੀਤ ਸਿੰਘ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਜਾ ਰਹੇ ਵਿਸ਼ੇਸ਼ ਸੈਮੀਨਾਰਾਂ ਦੀ ਲੜੀ ਤਹਿਤ ਅੱਜ ਪਹਿਲਾ ਸੈਮੀਨਾਰ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ, ਗੜ੍ਹਸ਼ੰਕਰ ਵਿਖੇ ਕਰਵਾਇਆ ਗਿਆ। ਇਸ ਸੈਮੀਨਾਰ ਦਾ ਵਿਸ਼ਾ 'ਭਗਤ ਰਵਿਦਾਸ ਜੀ: ਜੀਵਨ, ਬਾਣੀ ਤੇ ਸੰਦੇਸ਼' ਸੀ। ਸੈਮੀਨਾਰ ਮੌਕੇ ਭਗਤ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਅਧਿਆਤਮਿਕ ਵਿਚਾਰਧਾਰਾ, ਬਾਣੀ ਦੇ ਫ਼ਲਸਫ਼ੇ ਅਤੇ ਮਨੁੱਖਤਾ ਨੂੰ ਦਿੱਤੇ ਸਰਬਸਾਂਝੇ ਸੰਦੇਸ਼ ਬਾਰੇ ਵਿਦਵਾਨਾਂ ਵੱਲੋਂ ਵਿਚਾਰ ਸਾਂਝੇ ਕੀਤੇ ਗਏ। ਸੈਮੀਨਾਰ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਬਾਣੀ ਮਨੁੱਖ ਨੂੰ ਜਾਤ-ਪਾਤ, ਊਚ-ਨੀਚ, ਸਮਾਜਿਕ ਵਿਤਕਰੇ ਅਤੇ ਹਰ ਤਰ੍ਹਾਂ ਦੀਆਂ ਵੰਡੀਆਂ ਤੋਂ ਉੱਪਰ ਉੱਠ ਕੇ ਬਰਾਬਰੀ, ਪ੍ਰੇਮ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਜੀਵਨ ਜਿਊਣ ਦੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਪਾਵਨ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਗੁਰਬਾਣੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਇਕ ਸਾਂਝੇ ਆਤਮਿਕ ਅਤੇ ਸਮਾਜਿਕ ਸੂਤਰ ਵਿਚ ਪ੍ਰੋਣ ਦਾ ਸੰਦੇਸ਼ ਦਿੰਦੀ ਹੈ। ਭਗਤ ਜੀ ਵੱਲੋਂ ਦਰਸਾਇਆ ਗਿਆ ਬੇਗਮਪੁਰਾ ਦਾ ਸੰਕਲਪ ਇਕ ਅਜਿਹੇ ਸਮਾਜ ਦੀ ਕਲਪਨਾ ਹੈ, ਜਿੱਥੇ ਕਿਸੇ ਨਾਲ ਕੋਈ ਵਿਤਕਰਾ ਨਾ ਹੋਵੇ ਅਤੇ ਹਰ ਮਨੁੱਖ ਨੂੰ ਬਰਾਬਰ ਦੇ ਮਾਣ-ਸਤਿਕਾਰ ਨਾਲ ਜੀਵਨ ਜਿਊਣ ਦਾ ਅਧਿਕਾਰ ਪ੍ਰਾਪਤ ਹੋਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੈਮੀਨਾਰਾਂ ਦੀ ਲੜੀ ਦੀ ਸ਼ੁਰੂਆਤ ਦਾ ਮੰਤਵ ਭਗਤ ਰਵਿਦਾਸ ਜੀ ਦੇ ਜੀਵਨ ਅਤੇ ਬਾਣੀ ਦੇ ਫ਼ਲਸਫ਼ੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੇ ਸਰਬਸਾਂਝੇ ਸੰਦੇਸ਼ ਦੀ ਵਰਤਮਾਨ ਸਮੇਂ ਵਿਚ ਪ੍ਰਸੰਗਿਕਤਾ ਨੂੰ ਉਜਾਗਰ ਕਰਨਾ ਹੈ। ਇਸ ਲੜੀ ਤਹਿਤ ਵੱਖ-ਵੱਖ ਥਾਵਾਂ 'ਤੇ ਸੈਮੀਨਾਰ ਕਰਵਾ ਕੇ ਵਿਦਵਾਨਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਇਸ ਮਹਾਨ ਸੰਦੇਸ਼ ਨਾਲ ਜੋੜਿਆ ਜਾਵੇਗਾ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਵੀ ਭਗਤ ਰਵਿਦਾਸ ਜੀ ਦੇ ਜੀਵਨ ਇਤਿਹਾਸ ਬਾਰੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਚੰਗੇ ਸਮਾਜ ਦੀ ਸਿਰਜਣਾ ਲਈ ਆਪਣੀ ਸਾਰਥਿਕ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਸੁਰਿੰਦਰ ਸਿੰਘ ਭੁਲੇਵਾਲ ਰਾਠਾਂ ਅਤੇ ਅੰਤਰਰਾਸ਼ਟਰੀ ਪ੍ਰਚਾਰਕ ਸ. ਬਲਬੀਰ ਸਿੰਘ ਚੰਗਿਆੜਾ ਨੇ ਵੀ ਸੰਬੋਧਨ ਕੀਤਾ। ਸੈਮੀਨਾਰ ਮੌਕੇ ਵਿਸ਼ੇਸ਼ ਬੁਲਾਰੇ ਡਾ. ਪਰਮਜੀਤ ਕੌਰ ਮੁਖੀ ਧਰਮ ਅਧਿਐਨ ਵਿਭਾਗ ਗੁਰੂ ਤੇਗ ਬਹਾਦਰ ਜੀ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਅਤੇ ਡਾ. ਮੁਹੱਬਤ ਸਿੰਘ ਅਸਿਸਟੈਂਟ ਪ੍ਰੋਫੈਸਰ ਗੁਰੂ ਨਾਨਕ ਅਧਿਐਨ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਨੇ 'ਭਗਤ ਰਵਿਦਾਸ ਜੀ : ਜੀਵਨ, ਬਾਣੀ ਤੇ ਸੰਦੇਸ਼' ਸਬੰਧੀ ਆਪਣੇ ਖੋਜ ਭਰਪੂਰ ਪਰਚੇ ਪੜ੍ਹੇ। ਇਸ ਦੌਰਾਨ ਕਾਲਜ ਦੇ ਪ੍ਰਿੰਸੀਪਲ ਡਾ. ਅਮਨਦੀਪ ਕੌਰ ਹੀਰਾ ਨੇ ਪੁੱਜੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਡਾ. ਜੰਗਬਹਾਦਰ ਸਿੰਘ, ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਪ੍ਰੋਫੈਸਰ ਉਪਿੰਦਰ ਸਿੰਘ, ਸ. ਤਰਲੋਕ ਸਿੰਘ ਨਾਗਪਾਲ, ਮਾਸਟਰ ਤੀਰਥ ਸਿੰਘ, ਪ੍ਰੋ. ਜਸਪਾਲ ਸਿੰਘ, ਸ. ਸਤਪਾਲ ਸਿੰਘ, ਸ. ਜੇ.ਪੀ. ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਅਤੇ ਵਿਦਿਆਰਥੀ ਮੌਜੂਦ ਸਨ

ਨਗਰ ਨਿਗਮ ਅੰਮ੍ਰਿਤਸਰ ਵੱਲੋਂ ਘਣੂਪੁਰ ਕੱਲੇ ਵਿਖੇ ਸਰਕਾਰੀ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ ਨਾਕਾਮ

ਇਲਾਕਾ ਨਿਵਾਸੀਆਂ ਦੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਅੰਮ੍ਰਿਤਸਰ 12 ਨਵੰਬਰ 2026 (ਕੰਵਲਜੀਤ ਸਿੰਘ) - ਘਣੂਪੁਰ ਕੱਲੇ ਦੇ ਇਲਾਕਾ ਨਿਵਾਸੀਆਂ ਵੱਲੋਂ ਪ੍ਰਾਪਤ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦਿਆਂ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਘਣੂਪੁਰ ਕੱਲੇ ਦੇ ਸਥਾਨਕ ਬਾਜਾਰ ਖੇਤਰ ਵਿੱਚ ਕੁਝ ਸਰਾਰਤੀ ਅਨਸਰਾਂ ਵੱਲੋਂ ਕਥਿਤ ਤੌਰ 'ਤੇ ਸਰਕਾਰੀ ਜਮੀਨ 'ਤੇ ਨਾਜਾਇਜ ਕਬਜਾ ਕਰਨ ਦੀ ਕੋਸ਼ਿਸ ਨੂੰ ਨਾਕਾਮ ਕਰ ਦਿੱਤਾ ਗਿਆ। ਸਰਕਾਰੀ ਜਮੀਨ 'ਤੇ ਕਥਿਤ ਤੌਰ 'ਤੇ ਨਾਜਾਇਜ ਮਾਰਕੀਟ ਦੀ ਉਸਾਰੀ ਕੀਤੇ ਜਾਣ ਸਬੰਧੀ ਪ੍ਰਾਪਤ ਸ਼ਿਕਾਇਤ ਨੂੰ ਗੰਭੀਰਤਾ ਨਾਲ ਲੈਂਦਿਆਂ ਨਗਰ ਨਿਗਮ ਵੱਲੋਂ ਸਰਕਾਰੀ ਜਾਇਦਾਦ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਅੱਗੇ ਕਿਸੇ ਵੀ ਤਰ੍ਹਾਂ ਦੇ ਨਾਜਾਇਜ ਕਬਜੇ ਨੂੰ ਰੋਕਣ ਲਈ ਤੁਰੰਤ ਕਾਰਵਾਈ ਸੁਰੂ ਕੀਤੀ ਗਈ। ਸ਼ਿਕਾਇਤਕਰਤਾਵਾਂ ਵੱਲੋਂ ਇਹ ਵੀ ਇਤਰਾਜ ਉਠਾਇਆ ਗਿਆ ਸੀ ਕਿ ਸਬੰਧਤ ਜਾਇਦਾਦ ਨੂੰ ਪਹਿਲਾਂ ਵਿਭਾਗ ਵੱਲੋਂ ਸੀਲ ਕੀਤਾ ਗਿਆ ਸੀ, ਪਰ ਕਥਿਤ ਤੌਰ 'ਤੇ ਉਸ ਸੀਲ ਨੂੰ ਤੋੜ ਕੇ ਮੁੜ ਉਸਾਰੀ ਦੀਆਂ ਗਤੀਵਿਧੀਆਂ ਸੁਰੂ ਕਰ ਦਿੱਤੀਆਂ ਗਈਆ

ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਨਸ਼ਿਆਂ ਦੇ ਸੁਦਾਗਰਾਂ ਨੂੰ ਹੋਵੇਗੀ ਬਿਨਾਂ ਜਮਾਨਤ ਦੱਸ ਸਾਲ ਦੀ ਕੈਦ /ਹਰਸਿਮਰਤ ਕੌਰ ਬਾਦਲ

ਹਰਸਿਮਰਤ ਕੌਰ ਬਾਦਲ ਵੱਲੋਂ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਮੁੱਖ ਸੇਵਾਦਾਰ ਰਾਜਨਬੀਰ ਸਿੰਘ ਘੁਮਾਣ ਨੂੰ ਜਿਤਾਉਣ ਦੀ ਕੀਤੀ ਅਪੀਲ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਗੁਰਦਾਸਪੁਰ/ਬਟਾਲਾ 12 ਨਵੰਬਰ (ਡਾ ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ)ਸ਼੍ਰੋਮਣੀ ਅਕਾਲੀ ਦਲ(ਬਾਦਲ) ਵੱਲੋਂ ਆਰੰਭ ਕੀਤੇ ਗਏ ਮਾਵਾਂ ਧੀਆਂ ਦੀ ਲਲਕਾਰ ਬੰਦ ਕਰਾਵਾਂਗੇ ਨਸੇ ਦਾ ਵਪਾਰ ਤਹਿਤ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਦੀ ਅਗਵਾਈ ਹੇਠ ਅੱਡਾ ਊਧਨਵਾਲ ਦੇ ਨਜਦੀਕ ਮਹਾਰਾਜ ਪੈਲੇਸ ਵਿੱਚ ਵਿਸਾਲ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੋਰ ਬਾਦਲ ਵਿਸੇਸ ਤੋਰ ਤੇ ਪਹੁੰਚੇ। ਇਸ ਮੌਕੇ ਸੰਬੋਧਨ ਕਰਦਿਆਂ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪੰਜਾਬ ਸਰਕਾਰ ਯੁੱਧ ਨਸੇ ਵਿਰੁੱਧ ਸਿਰਫ ਕਾਗਜਾਂ ਇਸਤਿਹਾਰਾਂ ਤੱਕ ਹੀ ਸੀਮਤ ਹੈ ਅਸਲੀਅਤ ਇਹ ਹੈ ਕਿ ਅੱਜ ਹਜਾਰਾਂ ਨੌਜਵਾਨਾਂ ਨਸੇ ਕਾਰਨ ਮਰ ਰਹੇ ਹਨ। ਉਨਾਂ ਕਿਹਾ ਕਿ ਪੰਜਾਬ ਵਿੱਚ ਨਸਾ ਸਰੇਆਮ ਸਰਕਾਰ ਦੀ ਸਹਿ ਤੇ ਨਸ਼ਿਆਂ ਦੇ ਸੁਦਾਗਰ ਵੇਚ ਰਹੇ ਹਨ। ਉਨ੍ਹ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਸਭ ਤੋਂ ਪਹਿਲਾਂ ਨਸ਼ਿਆਂ ਵਿਰੁੱਧ ਕਨੂੰਨ ਬਣਾਵਾਗਾ ਅਤੇ ਨਸ਼ਿਆਂ ਵਿੱਚ ਫੜੇ ਗਏ ਵਿਅਕਤੀ ਦੀ ਦੱਸ ਸਾਲ ਤੱਕ ਜਮਾਨਤ ਨਹੀਂ ਹੋਵੇਗੀ। ਉਨ੍ਹਾਂ ਆਖਿਆ ਹਰ ਹਲਕੇ ਦੇ ਪਿੰਡਾਂ ਵਿੱਚ ਬੀਬੀਆਂ ਦਾ ਗਰੁੱਪ ਹੋਵੇਗਾ ਜਿਹੜਾ ਸਰਕਾਰ ਨੂੰ ਨਸਾ ਤਸਕਰਾਂ ਦੀ ਰਿਪੋਰਟ ਭੇਜੇਗਾ ਜਿਸ ਤੇ ਨਸਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਆਖਿਆ ਕਿ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਛੇਵੀਂ ਪਾਤਸਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ। ਇਸ ਹਲਕੇ ਵਿੱਚ ਔਰਤਾਂ ਸਲਾਈ ਸੈਂਟਰ ਸਹੂਲਤਾਂ ਲਈ ਹੋਰ ਕਿੱਤੇ ਖੋਲੇ ਜਾਣਗੇ। ਉਨ੍ ਉਨ੍ਹਾਂ ਆਖਿਆ ਕਿ ਸਰਕਾਰ ਦੀ ਸਹਿ ਤੇ ਪਲਵਿੰਦਰ ਸਿੰਘ ਝੋਟੇ ਨੂੰ ਸਹੀਦ ਕੀਤਾ ਗਿਆ। ਉਨ੍ਹਾਂ ਆਖਿਆ ਕਿ ਕਿਉਂਕਿ ਪਲਵਿੰਦਰ ਸਿੰਘ ਝੋਟਾ ਨਸ਼ਿਆਂ ਖਿਲਾਫ ਵਿਰੁੱਧ ਅਵਾਜ ਬੁਲੰਦ ਕਰਦਾ ਸੀ। ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਨੇ ਸਾਡੇ ਉੱਤੇ ਝੂਠੇ ਇਲਜਾਮ ਲਾ ਕੇ ਸਤਾ ਪ੍ਰਾਪਤ ਕੀਤੀ ਹੈ। ਉਨ੍ਹਾਂ ਆਖਿਆ ਤੁਸੀਂ ਵੇਖ ਲਿਆ ਕਿ ਇਸ ਸਰਕਾਰ ਨੇ ਪੰਜਾਬ ਵਿੱਚ ਨਸ਼ਿਆਂ ਦਾ ਹੜ ਲੈ ਆਂਦਾ ਹੈ। ਉਨ੍ਹਾਂ ਆਖਿਆ ਸ੍ਰੋਮਣੀ ਅਕਾਲੀ ਦਲ ਦੀ ਬਣਨ ਪਹਿਲਾਂ ਵਾਂਗ ਸੁਖ ਸਹੂਲਤਾਂ ਦਿਤੀਆਂ ਜਾਣਗੀਆਂ । ਉਨ੍ਹਾਂ ਬੀਬੀਆਂ ਨੂੰ ਸਬੋਧਨ ਕਰਦਿਆਂ ਆਖਿਆ ਕਿ ਤੁਸੀਂ ਮਾਈ ਭਾਗੋ ਦੀ ਵਾਰਸ ਹੋ ਨਸ਼ਿਆਂ ਖ?ਿਲਾਫ ਸੁਰੂ ਕੀਤੀ ਗਈ ਜੰਗ ਵਿੱਚ ਲੜਨਾ ਪਵੇਗਾ। ਉਨ੍ਹਾਂ ਬੀਬੀਆ ਅਪੀਲ ਕੀਤੀ ਕਿ ਨਸ਼ਿਆਂ ਨੂੰ ਖਤਮ ਕਰਨ ਲਈ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਓ ਉਨ੍ਹਾਂ ਆਖਿਆ ਕਿ ਹੁਣ ਨਸੇ ਦਾ ਕਾਰੋਬਾਰ ਹੁਣ ਬੀਬੀਆ ਰੋਕਣ ਗਿਆ। ਉਨਾਂ ਨੇ ਬੀਬੀਆਂ ਨੂੰ ਕਿਹਾ ਕਿ ਹੁਣ ਸਮਾਂ ਕਿਸੇ ਲਾਲਚ ਵਿੱਚ ਆਉਣ ਦਾ ਨਹੀਂ, ਸੱਗੋਂ ਆਪਣੇ ਪੰਜਾਬ ਨੂੰ ਬਚਾਉਣ ਲਈ ਅੱਗੇ ਆਉਣ ਦਾ ਸਮਾਂ ਹੈ। ਉਨ੍ਹਾਂ ਆਖਿਆ ਕਿ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਮੁੱਖ ਸੇਵਾਦਾਰ ਰਾਜਨਬੀਰ ਸਿੰਘ ਘੁਮਾਣ ਨੂੰ ਵੱਡੀ ਲੀਡ ਨਾਲ ਜਿੱਤਾਂਉ, ਜਿਸ ਸਦਕਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸਾਰੇ ਰੁਕੇ ਹੋਏ ਵਿਕਾਸ ਦੇ ਕੰਮ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ। ਇਸ ਮੌਕੇ ਰਾਜਨਬੀਰ ਸਿੰਘ ਘੁਮਾਣ ਨੇ ਸੰਬੋਧਨ ਦੋਰਾਨ ਬੀਬੀ ਹਰਸਿਮਰਤ ਕੌਰ ਦਾ ਹਲਕੇ ਤੇ ਪਹੁੰਚਣ ਤੇ ਸਵਾਗਤ ਕੀਤਾ ਤੇ ਰੈਲੀ ਵਿੱਚ ਪਹੁੰਚੀਆਂ ਬੀਬੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜ਼ਿਲਾ ਪ੍ਰਧਾਨ ਇਸਤਰੀ ਵਿੰਗ ਬੀਬੀ ਸਰਨਜੀਤ ਕੋਰ ਜੀਦੜ, ਸੁਖਵਿੰਦਰ ਕੌਰ ਹਲਕਾ ਪ੍ਰਧਾਨ, ਸਤਿੰਦਰ ਕੌਰ ਬਲਾਕ ਸੰਮਤੀ ਮੈਂਬਰ, ਲਖਵਿੰਦਰ ਕੌਰ ਸਰਕਲ ਪ੍ਰਧਾਨ, ਮਨਜੀਤ ਕੌਰ ਮੀਕੇ, ਨਰਿੰਦਰ ਕੌਰ, ਜਗਦੀਸ ਕੌਰ, ਗੋਗੀ ਊਧਨਵਾਲ, ਅਮਰਜੀਤ ਕੌਰ, ਮਨਦੀਪ ਕੌਰ ਸੱਲੋ, ਸੁਖਵਿੰਦਰ ਕੌਰ, ਹਰਜਿੰਦਰ ਕੌਰ, ਹਰਜੀਤ ਕੌਰ, ਸੁਖਵਿੰਦਰ ਕੌਰ ਘੁਮਾਣ, ਹਰਵੰਤ ਕੌਰ, ਸੁਖਵੰਤ ਕੌਰ, ਬਲਜੀਤ ਕੌਰ, ਹਰਿੰਦਰ ਕੌਰ, ਚਰਨਜੀਤ ਕੌਰ, ਨਸੀਬ ਕੌਰ, ਜਤਿੰਦਰ ਕੌਰ, ਸੁਮਨਦੀਪ ਕੌਰ, ਕੌਮੀ ਜਨਰਲ ਸਕੱਤਰ ਬੀਸੀ ਵਿੰਗ ਜਤਿੰਦਰ ਸਿੰਘ ਲੱਧਾ ਮੁੰਡਾ, ਜ਼ਿਲ੍ਹਾ ਮੀਤ ਪ੍ਰਧਾਨ ਸੁਲੱਖਣ ਸਿੰਘ ਔਲਖ, ਕੁਲਬੀਰ ਸਿੰਘ ਸੰਧਵਾਂ, ਮੈਂਬਰ ਸਤਨਾਮ ਸਿੰਘ, ਐਸ ਸੀ ਵਿੰਗ ਦੇ ਪ੍ਰਧਾਨ ਅਮਰੀਕ ਸਿੰਘ ਮਡਿਆਲਾ, ਸੀਨੀਅਰ ਆਗੂ ਗੁਰਨਾਮ ਸਿੰਘ ਮਡਿਆਲਾ, ਸਹਿਯੋਗ ਦੀਪ ਸਿੰਘ ਘੁਮਾਣ, ਮਨਜੀਤ ਸਿੰਘ ਸਰਪੰਚ ਮੌਕਲ, ਸੀਨੀਅਰ ਸੁਲੱਖਣ ਸਿੰਘ ਬਾਠ, ਨੰਬਰਦਾਰ ਜਸਵੰਤ ਸਿੰਘ ਘੁਮਾਣ, ਜਥੇਦਾਰ ਗੁਰਮੇਜ ਸਿੰਘ ਚੀਮਾ,ਸੀਨੀਅਰ ਆਗੂ ਐਨ ਆਰ ਆਈ ਰਵਿੰਦਰ ਸਿੰਘ ਰੋਮੀ ਭੱਟੀਵਾਲ,ਮੇਜਰ ਸਿੰਘ ਭੱਟੀਵਾਲ,ਮਾ ਕੇਵਲ ਸਿੰਘ ਭੱਟੀਵਾਲ, ਸਾਬਕਾ ਸਰਪੰਚ ਲਖਵਿੰਦਰ ਸਿੰਘ ਸੁਕਾਲਾ, ਜੋਗਿੰਦਰ ਸਿੰਘ ਪੋਰੋਸਾਹ, ਯੂਥ ਪ੍ਰਧਾਨ ਜਰਨੈਲ ਸਿੰਘ ਹਰਪੁਰਾ, ਕੌਮੀ ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ ਪਰਮਾਰ, ਕੈਪਟਨ ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਹਰਜਿੰਦਰ ਸਿੰਘ ਊਧਨਵਾਲ, ਜਥੇਦਾਰ ਬਾਲਮ ਸਿੰਘ, ਰਘਬੀਰ ਸਿੰਘ ਮੀਕੇ,ਡਾ ਜਸਬੀਰ ਸਿੰਘ ਸੱਲੋ ਚਾਹਲ,ਲਵ ਘੁਮਾਣ, ਜ਼ਿਲ੍ਹਾ ਯੂਥ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਭੋਮਾ, ਸਾਬਕਾ ਸਰਪੰਚ ਹਰਜਿੰਦਰ ਸਿੰਘ ਦਕੋਹਾ, ਸਰਵਣ ਸਿੰਘ, ਸੀਨੀਅਰ ਆਗੂ ਦਿਲਬਾਗ ਸਿੰਘ ਕੋਟਲਾ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜਰ ਸਨ।

ਨਗਰ ਨਿਗਮ ਵੱਲੋਂ ਗੁਰਦੁਆਰਾ ਸਹੀਦਾਂ ਸਾਹਿਬ ਨੇੜੇ ਰਾਮਸਰ ਰੋਡ 'ਤੇ ਨਾਜਾਇਜ ਕਬਜ਼ਿਆਂ ਖਿਲਾਫ ਕਾਰਵਾਈ



ਅੰਮ੍ਰਿਤਸਰ, 12 ਨਵੰਬਰ (ਅਰਵਿੰਦਰ ਵੜੈਚ,ਪਵਿੱਤਰਜੋਤ)- ਸੜਕਾਂ ਅਤੇ ਜਨਤਕ ਫੁੱਟਪਾਥਾਂ ਨੂੰ ਨਾਜਾਇਜ ਕਬਜ਼ਿਆਂ ਤੋਂ ਮੁਕਤ ਕਰਵਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਅੱਜ ਗੁਰਦੁਆਰਾ ਸਹੀਦਾਂ ਸਾਹਿਬ ਨੇੜੇ ਰਾਮਸਰ ਰੋਡ 'ਤੇ ਵਿਸੇਸ ਕਾਰਵਾਈ ਕੀਤੀ ਗਈ। ਇਹ ਕਾਰਵਾਈ ਨਗਰ ਨਿਗਮ ਅੰਮ੍ਰਿਤਸਰ ਦੇ ਕਮਿਸਨਰ ਸ੍ਰੀ ਬਿਕਰਮਜੀਤ ਸਿੰਘ ਸੇਰਗਿੱਲ,ਵਧੀਕ ਕਮਿਸਨਰ ਡਾ. ਜੈ ਇੰਦਰ ਸਿੰਘ ਦੇ ਦਿਸਾ-ਨਿਰਦੇਸਾਂ ਅਨੁਸਾਰ, ਸਕੱਤਰ ਸੁਸਾਂਤ ਭਾਟੀਆ ਅਤੇ ਅਸਟੇਟ ਅਫਸਰ ਧਰਮਿੰਦਰਜੀਤ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ। ਕਾਰਵਾਈ ਨੂੰ ਅਸਟੇਟ ਵਿਭਾਗ ਦੇ ਇੰਸਪੈਕਟਰ ਅਮਨ ਕੁਮਾਰ ਅਤੇ ਮਿਸ ਪ੍ਰੀਤੀ ਚੌਹਾਨ ਦੀ ਟੀਮ ਵੱਲੋਂ ਅੰਜਾਮ ਦਿੱਤਾ ਗਿਆ ਅਤੇ ਜਨਤਕ ਰਸਤਿਆਂ 'ਤੇ ਕੀਤੇ ਗਏ ਨਾਜਾਇਜ ਕਬਜ਼ਿਆਂ ਨੂੰ ਹਟਾਇਆ ਗਿਆ।

ਅਣ ਅਧਿਕਾਰਿਤ ਨਸਾ ਛੁਡਾਊ ਕੇਂਦਰ 'ਤੇ ਸਿਹਤ ਵਿਭਾਗ ਦੀ ਅਚਨਚੇਤ ਛਾਪੇਮਾਰੀ

70 ਤੋਂ 75 ਨੌਜਵਾਨ ਮਰੀਜਾਂ ਨੂੰ ਸਰਕਾਰੀ ਨਸਾ ਛੁਡਾਊ ਕੇਂਦਰ ਵਿੱਚ ਕੀਤਾ ਗਿਆ ਸ਼ਿਫਟ



ਅੰਮ੍ਰਿਤਸਰ, 12 ਨਵੰਬਰ (ਅਰਵਿੰਦਰ ਵੜੈਚ, ਪਵਿੱਤਰਜੋਤ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾ.ਭਾਰਤੀ ਧਵਨ ਦੇ ਦਿਸਾ-ਨਿਰਦੇਸਾਂ ਤਹਿਤ ਸਿਹਤ ਵਿਭਾਗ ਦੀ ਟੀਮ ਵੱਲੋਂ ਟਾਂਗਰਾ ਅੱਡਾ ਨੇੜੇ ਜੀ.ਟੀ. ਰੋਡ ਸਥਿਤ ਭਾਈ ਮਨੀ ਸਿੰਘ ਜੀ ਗੁਰਮਤਿ ਵਿਦਿਆਲਾ ਵਿਖੇ ਚੱਲ ਰਹੇ ਅਣਅਧਿਕਾਰਤ ਨਸਾ ਛੁਡਾਊ ਕੇਂਦਰ ਦੀ ਅਚਨਚੇਤ ਜਾਂਚ ਕੀਤੀ ਗਈ। ਇਸ ਜਾਂਚ ਟੀਮ ਵਿੱਚ ਡਾ. ਸਰਬਜੀਤ ਸਿੰਘ ਡਿਪਟੀ ਮੈਡੀਕਲ ਕਮਿਸਨਰ ਅੰਮ੍ਰਿਤਸਰ, ਡਾ.ਪਰਮਪ੍ਰੀਤ ਕੌਰ ਐਮ.ਓ. (ਸਾਈਕੈਟਰੀ), ਸੁਖਦੀਪ ਸਿੰਘ ਡਰੱਗ ਇੰਸਪੈਕਟਰ, ਮਿਸ ਬਬਲੀਨ ਕੌਰ ਡਰੱਗ ਇੰਸਪੈਕਟਰ ਅਤੇ ਦੀਪਕ ਰਾਏ ਸਾਮਲ ਸਨ। ਜਾਂਚ ਦੌਰਾਨ ਉਕਤ ਕੇਂਦਰ ਵਿੱਚ ਲਗਭਗ 70 ਤੋਂ 75 ਲੜਕੇ ਮਿਲੇ, ਜਿਨ੍ਹਾਂ ਵਿੱਚ 18 ਸਾਲ ਤੋਂ ਘੱਟ ਅਤੇ ਵੱਧ ਉਮਰ ਦੇ ਨੌਜਵਾਨ ਸਾਮਲ ਸਨ। ਜਾਂਚ ਦੌਰਾਨ ਕੇਂਦਰ ਕੋਲ ਕੋਈ ਵੀ ਲੋੜੀਂਦਾ ਦਸਤਾਵੇਜ ਜਾਂ ਰਜਿਸਟ੍ਰੇਸਨ ਸਰਟੀਫਿਕੇਟ ਮੌਕੇ 'ਤੇ ਮੌਜੂਦ ਨਹੀਂ ਪਾਇਆ ਗਿਆ। ਸਹਤ ਵਿਭਾਗ ਵੱਲੋਂ ਉਕਤ ਕੇਂਦਰ ਵਿੱਚ ਦਾਖਲ ਮਰੀਜਾਂ ਨੂੰ ਸਵਾਮੀ ਵਿਵੇਕਾਨੰਦ ਨਸਾ ਛੁਡਾਊ ਕੇਂਦਰ ਅੰਮ੍ਰਿਤਸਰ ਵਿਖੇ ਸ਼ਿਫਟ ਕੀਤਾ ਗਿਆ। ਇਸ ਤੋਂ ਇਲਾਵਾ ਮਾਮਲੇ ਸਬੰਧੀ ਅਗਲੀ ਲੋੜੀਂਦੀ ਕਾਰਵਾਈ ਲਈ ਸਬੰਧਤ ਥਾਣਾ ਮੁਖੀ, ਤਰਸਿੱਕਾ ਨੂੰ ਵੀ ਸੂਚਿਤ ਕਰਕੇ ਬੁਲਾਇਆ ਗਿਆ। ਸਿਹਤ ਵਿਭਾਗ ਵੱਲੋਂ ਸਪੱਸਟ ਕੀਤਾ ਗਿਆ ਕਿ ਨਸਾ ਛੁਡਾਊ ਕੇਂਦਰਾਂ ਦਾ ਸਰਕਾਰੀ ਨਿਯਮਾਂ ਅਤੇ ਨਿਰਧਾਰਤ ਮਾਪਦੰਡਾਂ ਅਨੁਸਾਰ ਚੱਲਣਾ ਲਾਜਮੀ ਹੈ, ਤਾਂ ਜੋ ਨਸੇ ਦੀ ਸਮੱਸਿਆ ਨਾਲ ਜੂਝ ਰਹੇ ਮਰੀਜਾਂ ਨੂੰ ਸੁਰੱਖਿਅਤ ਅਤੇ ਮਿਆਰੀ ਇਲਾਜ ਮੁਹੱਈਆ ਕਰਵਾਇਆ ਜਾ ਸਕੇ।

ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ...

ਸ਼੍ਰੋਮਣੀ ਕਮੇਟੀ ਵੱਲੋਂ ਬੱਬਰ ਅਕਾਲੀ ਮੈਮੋਰੀਅਲ ਖਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਰਵਾਇਆ ਪਹਿਲਾ ਸੈਮੀਨਾਰ

ਸੈਮੀਨਾਰ ਦੌਰਾਨ ਬੁਲਾਰਿਆਂ ਨੇ ਭਗਤ ਰਵਿਦਾਸ ਜੀ ਦੀ ਵਿਚਾਰਧਾਰਾ, ਬਾਣੀ ਦੇ ਫ਼ਲਸਫ਼ੇ ਅਤੇ ਮਨੁੱਖਤਾ ਨੂੰ ਦਿੱਤੇ ਸਰਬਸਾਂਝੇ ਸੰਦੇਸ਼ ਬਾਰੇ ਕੀਤੀਆਂ ਵਿਚਾਰਾਂ



ਅੰਮ੍ਰਿਤਸਰ, 12 ਨਵੰਬਰ (ਅਰਵਿੰਦਰ ਵੜੈਚ,ਪਵਿੱਤਰਜੋਤ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਜਾ ਰਹੇ ਵਿਸ਼ੇਸ਼ ਸੈਮੀਨਾਰਾਂ ਦੀ ਲੜੀ ਤਹਿਤ ਅੱਜ ਪਹਿਲਾ ਸੈਮੀਨਾਰ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ, ਗੜ੍ਹਸ਼ੰਕਰ ਵਿਖੇ ਕਰਵਾਇਆ ਗਿਆ। ਇਸ ਸੈਮੀਨਾਰ ਦਾ ਵਿਸ਼ਾ 'ਭਗਤ ਰਵਿਦਾਸ ਜੀ: ਜੀਵਨ, ਬਾਣੀ ਤੇ ਸੰਦੇਸ਼' ਸੀ। ਸੈਮੀਨਾਰ ਮੌਕੇ ਭਗਤ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਅਧਿਆਤਮਿਕ ਵਿਚਾਰਧਾਰਾ, ਬਾਣੀ ਦੇ ਫ਼ਲਸਫ਼ੇ ਅਤੇ ਮਨੁੱਖਤਾ ਨੂੰ ਦਿੱਤੇ ਸਰਬਸਾਂਝੇ ਸੰਦੇਸ਼ ਬਾਰੇ ਵਿਦਵਾਨਾਂ ਵੱਲੋਂ ਵਿਚਾਰ ਸਾਂਝੇ ਕੀਤੇ ਗਏ। ਸੈਮੀਨਾਰ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਬਾਣੀ ਮਨੁੱਖ ਨੂੰ ਜਾਤ-ਪਾਤ, ਉਚ-ਨੀਚ, ਸਮਾਜਿਕ ਵਿਤਕਰੇ ਅਤੇ ਹਰ ਤਰ੍ਹਾਂ ਦੀਆਂ ਵੰਡੀਆਂ ਤੋਂ ਉੱਪਰ ਉੱਠ ਕੇ ਬਰਾਬਰੀ, ਪ੍ਰੇਮ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਜੀਵਨ ਜਿਊਣ ਦੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਪਾਵਨ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਗੁਰਬਾਣੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਇਕ ਸਾਂਝੇ ਆਤਮਿਕ ਅਤੇ ਸਮਾਜਿਕ ਸੂਤਰ ਵਿਚ ਪ੍ਰੋਣ ਦਾ ਸੰਦੇਸ਼ ਦਿੰਦੀ ਹੈ। ਭਗਤ ਜੀ ਵੱਲੋਂ ਦਰਸਾਇਆ ਗਿਆ ਬੇਗਮਪੁਰਾ ਦਾ ਸੰਕਲਪ ਇਕ ਅਜਿਹੇ ਸਮਾਜ ਦੀ ਕਲਪਨਾ ਹੈ, ਜਿੱਥੇ ਕਿਸੇ ਨਾਲ ਕੋਈ ਵਿਤਕਰਾ ਨਾ ਹੋਵੇ ਅਤੇ ਹਰ ਮਨੁੱਖ ਨੂੰ ਬਰਾਬਰ ਦੇ ਮਾਣ-ਸਤਿਕਾਰ ਨਾਲ ਜੀਵਨ ਜਿਊਣ ਦਾ ਅਧਿਕਾਰ ਪ੍ਰਾਪਤ ਹੋਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੈਮੀਨਾਰਾਂ ਦੀ ਲੜੀ ਦੀ ਸ਼ੁਰੂਆਤ ਦਾ ਮੰਤਵ ਭਗਤ ਰਵਿਦਾਸ ਜੀ ਦੇ ਜੀਵਨ ਅਤੇ ਬਾਣੀ ਦੇ ਫ਼ਲਸਫ਼ੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੇ ਸਰਬਸਾਂਝੇ ਸੰਦੇਸ਼ ਦੀ ਵਰਤਮਾਨ ਸਮੇਂ ਵਿਚ ਪ੍ਰਸੰਗਿਕਤਾ ਨੂੰ ਉਜਾਗਰ ਕਰਨਾ ਹੈ। ਇਸ ਲੜੀ ਤਹਿਤ ਵੱਖ-ਵੱਖ ਥਾਵਾਂ 'ਤੇ ਸੈਮੀਨਾਰ ਕਰਵਾ ਕੇ ਵਿਦਵਾਨਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਇਸ ਮਹਾਨ ਸੰਦੇਸ਼ ਨਾਲ ਜੋੜਿਆ ਜਾਵੇਗਾ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਵੀ ਭਗਤ ਰਵਿਦਾਸ ਜੀ ਦੇ ਜੀਵਨ ਇਤਿਹਾਸ ਬਾਰੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਚੰਗੇ ਸਮਾਜ ਦੀ ਸਿਰਜਣਾ ਲਈ ਆਪਣੀ ਸਾਰਥਿਕ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਸੁਰਿੰਦਰ ਸਿੰਘ ਭੁਲੇਵਾਲ ਰਾਂਠਾਂ ਅਤੇ ਅੰਤਰਰਾਸ਼ਟਰੀ ਪ੍ਰਚਾਰਕ ਸ. ਬਲਬੀਰ ਸਿੰਘ ਚੰਗਿਆੜਾ ਨੇ ਵੀ ਸੰਬੋਧਨ ਕੀਤਾ। ਸੈਮੀਨਾਰ ਮੌਕੇ

ਜਨਗਣਨਾ-2027 ਤਹਿਤ ਸਵੈ ਗਣਨਾ 16 ਨਵੰਬਰ ਤੋਂ ਹੋਵੇਗੀ ਸ਼ੁਰੂ - ਡਿਪਟੀ ਕਮਿਸ਼ਨਰ

ਲੋਕ ਸਵੈ ਗਣਨਾ ਤਹਿਤ ਆਪਣਾ ਡਾਟਾ ਖੁਦ ਭਰਨ ਨੂੰ ਦੇਣ ਤਰਜੀਹ



ਬਟਾਲਾ, 12 ਨਵੰਬਰ (ਪ.ਪ) - ਜਨਗਣਨਾ-2027 ਤਹਿਤ ਸਵੈ ਗਣਨਾ 16 ਨਵੰਬਰ ਤੋਂ ਸ਼ੁਰੂਇਸ ਮੌਕੇ ਮੈਡਮ ਅਦੀਬਾ ਅਨਮ ਆਈ ਏ ਐੱਸ, ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ), ਐੱਸ ਡੀ ਐੱਮ ਗੁਰਦਾਸਪੁਰ ਗੁਰਦਾਸਪੁਰ ਅਸ਼ੋਕ ਕੁਮਾਰ,ਐੱਸ ਡੀ ਐੱਮ ਦੀਨਾਨਗਰ ਗਗਨਦੀਪ ਸਿੰਘ, ਐੱਸ ਡੀ ਐਮ ਫਤਿਹਗੜ੍ਹ ਚੂੜੀਆਂ ਸੁਖਜਿੰਦਰ ਸਿੰਘ, ਸੈਂਸਜ ਕੁਆਰਡੀਨੇਟਰ ਵਿਸ਼ਵਾਸ ਸੋਮ ,ਵਿਨੋਦ ਬੇਰੀ ਡਿਪਟੀ ਈ.ਐੱਸ.ਏ, ਮੁੱਖ ਖੇਤੀਬਾੜੀ ਅਫਸਰ ਡਾ ਸ਼ਹਿਬਾਜ ਸਿੰਘ ਚੀਮਾ, ਰਾਜੇਸ਼ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸ), ਸ੍ਰੀਮਤੀ ਪਰਮਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ (ਪ) ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਆਦਿ ਹਾਜ਼ਰ ਸਨ। ਕੀਤੀ ਜਾਵੇਗੀ, ਜਿਸ ਤਹਿਤ ਲੋਕ ਆਪਣਾ ਡਾਟਾ ਖੁਦ ਆਨਲਾਈਨ ਭਰਨਗੇ । ਇਸ ਸਬੰਧੀ ਭਾਰਤ ਸਰਕਾਰ ਵੱਲੋਂ ਦਿੱਤਾ ਗਿਆ ਵਿਸ਼ੇਸ਼ ਲਿੰਕ 16 ਨਵੰਬਰ ਤੋਂ ਐਕਟਿਵ ਹੋਵੇਗਾ ਅਤੇ 30 ਨਵੰਬਰ ਤੱਕ ਇਸ ਵਿੱਚ ਡਾਟਾ ਭਰਿਆ ਜਾ ਸਕੇਗਾ। ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਿੰਕ 16 ਨਵੰਬਰ ਤੋਂ ਐਕਟਿਵ ਹੋ ਜਾਵੇਗਾ ਅਤੇ ਕੋਈ ਵੀ ਨਾਗਰਿਕ ਇਸ ਉੱਤੇ ਆਪਣੀ ਜਾਣਕਾਰੀ ਭਰ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਗਣਨਾ-2027 ਤਹਿਤ ਆਬਾਦੀ ਦੀ ਗਣਨਾ ਦਾ ਦੂਜਾ ਪੜਾਅ ਪੰਜਾਬ ਵਿੱਚ 16 ਨਵੰਬਰ, 2026 ਤੋਂ ਸ਼ੁਰੂ ਹੋਵੇਗਾ ਅਤੇ 4 ਜਨਵਰੀ, 2027 ਤੱਕ ਜਾਰੀ ਰਹੇਗਾ। ਇਸ ਤਹਿਤ 16 ਤੋਂ 30 ਨਵੰਬਰ, 2026 ਤੱਕ ਲੋਕਾਂ ਨੂੰ ਆਨਲਾਈਨ ਸਵੈ-ਗਣਨਾ ਦੀ ਸਹੂਲਤ ਮਿਲੇਗੀ, ਜਦਕਿ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਗਿਣਤੀਕਾਰ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਕਰਨਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 1 ਦਸੰਬਰ ਤੋਂ ਘਰ-ਘਰ ਆਉਣ ਵਾਲੇ ਅਧਿਕਾਰਤ ਗਿਣਤੀਕਾਰ ਨੂੰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਪੁੱਛੇ ਗਏ 40 ਸਵਾਲਾਂ ਦੇ ਸਹੀ ਅਤੇ ਸਪੱਸ਼ਟ ਜਵਾਬ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਹਰੇਕ ਵਿਅਕਤੀ ਦੀ ਗਿਣਤੀ ਯਕੀਨੀ ਬਣਾਉਂਦਿਆਂ ਇਹ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹ ਆ ਜਾ ਸਕੇਗਾ। ਉਨ੍ਹਾਂ ਪੰਚਾਇਤਾਂ, ਸਥਾਨਕ ਸੰਸਥਾਵਾਂ, ਸਮਾਜ ਸੇਵੀ ਜਥੇਬੰਦੀਆਂ ਅਤੇ ਜਾਗਰੂਕ ਨਾਗਰਿਕਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਜਨਗਣਨਾ ਦੀ ਮਹੱਤਤਾ ਅਤੇ ਨਿਰਧਾਰਿਤ ਮਿਤੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਪੀ.ਏ.ਯੂ.- ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਖੁੰਬਾਂ ਦੀ ਕਾਸ਼ਤ ਅਤੇ ਪ੍ਰੋਸੈਸਿੰਗ ਸਬੰਧੀ ਪੰਜ-ਰੋਜ਼ਾ ਸਿਖਲਾਈ ਕੋਰਸ ਆਯੋਜਿਤ



ਸੰਗਰੂਰ (ਪ.ਪ) - ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਨਿਰਦੇਸ਼ਕ ਪਸਾਰ ਸਿੱਖਿਆ, ਪੀ.ਏ.ਯੂ., ਲੁਧਿਆਣਾ ਅਤੇ ਡਾਇਰੈਕਟਰ, ਆਈ.ਸੀ.ਏ.ਆਰ.-ਅਟਾਰੀ, ਜ਼ੋਨ-1, ਲੁਧਿਆਣਾ ਦੀ ਅਗਵਾਈ ਹੇਠ ÷ਖੁੰਬਾਂ ਦੀ ਕਾਸ਼ਤ ਅਤੇ ਪ੍ਰੋਸੈਸਿੰਗ÷ ਵਿਸ਼ੇ 'ਤੇ ਪੰਜ-ਰੋਜ਼ਾ ਕਿੱਤਾਮੁਖੀ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਪਿੰਡਾਂ ਦੇ 27 ਕਿਸਾਨ ਵੀਰਾਂ ਅਤੇ ਬੀਬੀਆਂ ਨੇ ਭਾਗ ਲਿਆ। ਇਸ ਸਿਖਲਾਈ ਕੋਰਸ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਪੀ..ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਖੁੰਬਾਂ ਦੀ ਕਾਸ਼ਤ ਨੂੰ ਸਹਾਇਕ ਕਿੱਤੇ ਵਜੋਂ ਅਪਣਾਉਣ 'ਤੇ ਜ਼ੋਰ ਦਿੰਦਿਆਂ ਇਸ ਕਿੱਤੇ ਨੂੰ ਬੇਰੁਜ਼ਗਾਰ ਨੌਜਵਾਨਾਂ ਅਤੇ ਕਿਸਾਨੀ ਪਰਿਵਾਰਾਂ ਲਈ ਵਾਧੂ ਆਮਦਨ ਅਤੇ ਰੁਜ਼ਗਾਰ ਪੈਦਾ ਕਰਨ ਦਾ ਸਾਧਨ ਦੱਸਿਆ। ਡਾ. ਰਵਿੰਦਰ ਕੌਰ, ਸਹਿਯੋਗੀ ਪ੍ਰੋਫੈਸਰ (ਬਾਗਬਾਨੀ) ਨੇ ਸਿਖਲਾਈ ਦੌਰਾਨ ਕੰਪੋਸਟ ਤਿਆਰ ਕਰਨ, ਬਿਜਾਈ ਅਤੇ ਕੇਸਿੰਗ ਸਬੰਧੀ ਵਿਹਾਰਕ ਪ੍ਰਦਰਸ਼ਨੀਆਂ ਰਾਹੀਂ ਕਿਸਾਨਾਂ ਨੂੰ ਸਿਖਲਾਈ ਦਿੱਤੀ। ਡਾ. ਰਚਨਾ ਸਿੰਗਲਾ, ਪ੍ਰੋਫੈਸਰ (ਬਾਗਬਾਨੀ), ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਨੇ ਖੁੰਬਾਂ ਦੇ ਸਹੀ ਵਾਧੇ ਲਈ ਸਿੰਚਾਈ ਅਤੇ ਹਵਾਦਾਰੀ ਪ੍ਰਬੰਧਨ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ. ਵਿਤਾਸਤਾ, ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ), ਕੇ.ਵੀ.ਕੇ., ਸੰਗਰੂਰ ਨੇ ਖੁੰਬਾਂ ਨੂੰ ਉੱਤਮ ਭੋਜਨ ਦੱਸਦਿਆਂ ਕਿਹਾ ਕਿ ਇਹ ਪ੍ਰੋਟੀਨ, ਫਾਈਬਰ, ਐਂਟੀਆਕਸੀਡੈਂਟ ਅਤੇ ਵਿਟਾਮਿਨ ਬੀ ਅਤੇ ਡੀ ਦੇ ਕੁਦਰਤੀ ਸਰੋਤਾਂ ਨਾਲ ਭਰਪੂਰ ਹੁੰਦੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਖੁੰਬਾਂ ਦੀ ਵਰਤੋਂ ਵੱਖ-ਵੱਖ ਪਕਵਾਨਾਂ ਵਿੱਚ ਗ੍ਰੇਵੀ, ਬੇਕ ਅਤੇ ਫਰਾਈ ਕਰ ਕੇ ਕੀਤੀ ਜਾ ਸਕਦੀ ਹੈ। ਡਾ. ਰੁਕਿੰਦਰਪ੍ਰੀਤ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ), ਕੇ.ਵੀ.ਕੇ., ਸੰਗਰੂਰ ਨੇ ਖੁੰਬਾਂ ਦੀ ਗੁਣਵੱਤਾ ਅਤੇ ਝਾੜ ਵਧਾਉਣ ਲਈ ਵੱਖ-ਵੱਖ ਤਕਨੀਕੀ ਜਾਣਕਾਰੀਆਂ ਸਾਂਝੀਆਂ ਕੀਤੀਆਂ। ਸਿਖਿਆਰਥੀਆਂ ਨੂੰ ਇਸ ਕਿੱਤੇ ਲਈ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਸਬਸਿਡੀ ਬਾਰੇ ਡਾ. ਕੁਲਵਿੰਦਰ ਸਿੰਘ, ਬਾਗਬਾਨੀ ਅਫ਼ਸਰ, ਸੰਗਰੂਰ ਨੇ ਜਾਣਕਾਰੀ ਦਿੱਤੀ। ਸ. ਸੁਰਮੁਖ ਸਿੰਘ, ਲੀਡ ਬੈਂਕ ਮੈਨੇਜਰ, ਐਸ.ਬੀ.ਆਈ., ਸੰਗਰੂਰ ਅਤੇ ਸ੍ਰੀ ਮਨੀਸ਼ ਗੁਪਤਾ, ਜ਼ਿਲ੍ਹਾ ਵਿਕਾਸ ਪ੍ਰਬੰਧਕ, ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ (ਨਾਬਾਰਡ), ਸੰਗਰੂਰ ਨੇ ਕਿਸਾਨਾਂ ਨੂੰ ਬੈਂਕਾਂ ਵੱਲੋਂ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਸਕੀਮਾਂ ਅਤੇ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਸਿਖਿਆਰਥੀਆਂ ਨੂੰ ਪਿੰਡ ਮਹਿਲਾਂ ਵਿਖੇ ਸ. ਕੁਲਦੀਪ ਸਿੰਘ ਦੇ "ਸਰਾਓ ਖੁੰਬ ਫਾਰਮ÷ ਦਾ ਦੌਰਾ ਵੀ ਕਰਵਾਇਆ ਗਿਆ ਜਿੱਥੇ ਉਨ੍ਹਾਂ ਨੇ ਕੱਚੇ ਸ਼ੈੱਡਾਂ ਦੀ ਤਿਆਰੀ ਅਤੇ ਖੁੰਬਾਂ ਦੀ ਕਾਸ਼ਤ ਸਬੰਧੀ ਪ੍ਰਕਿਰਿਆ ਨੂੰ ਨੇੜਿਓਂ ਦੇਖਿਆ। ਸਿਖਿਆਰਥੀਆਂ ਨੂੰ ਤਜਰਬੇਕਾਰ ਖੁੰਬ ਉਤਪਾਦਕਾਂ ਸ. ਜਸਪਾਲ ਸਿੰਘ, ਖਨਾਲ ਖੁਰਦ ਅਤੇ ਸ. ਰਮਨ ਸਿੰਘ, ਉੱਭਾਵਾਲ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਨ ਦਾ ਮੌਕਾ ਵੀ ਮੁਹੱਈਆ ਕਰਵਾਇਆ ਗਿਆ। ਇਸ ਤੋਂ ਇਲਾਵਾ, ਸਿਖਿਆਰਥੀਆਂ ਨੂੰ ਖੁੰਬਾਂ ਦੀ ਕਾਸ਼ਤ ਸਬੰਧੀ ਵਿਗਿਆਨਕ ਸਾਹਿਤ ਵੀ ਵੰਡਿਆ ਗਿਆ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਧਰਮਕੋਟ ਦੇ ਏ.ਡੀ. ਸਕੂਲ ਵਿਖੇ ਡਾਕ ਵਿਭਾਗ ਵੱਲੋਂ 'ਡਾਕ ਚੌਪਾਲ' ਦਾ ਸ਼ਾਨਦਾਰ ਆਯੋਜਨ

ਲੋਕਾਂ ਨੂੰ ਸਕੀਮਾਂ ਬਾਰੇ ਕੀਤਾ ਜਾਗਰੂਕ



ਧਰਮਕੋਟ:-(ਪ.ਪ) - ਭਾਰਤ ਸਰਕਾਰ ਦੇ ਅਦਾਰੇ ਭਾਰਤੀ ਡਾਕ ਅਤੇ ਧਰਮਕੋਟ ਡਾਕਘਰ ਦੇ ਸਾਂਝੇ ਯਤਨਾਂ ਸਦਕਾ ਅੱਜ ਸਥਾਨਕ ਏ.ਡੀ. ਸਕੂਲ ਵਿਖੇ ਇੱਕ ਵਿਸ਼ੇਸ਼ 'ਡਾਕ ਚੌਪਾਲ' ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਡਾਕ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਬੱਚਤ ਯੋਜਨਾਵਾਂ ਬਾਰੇ ਜਾਗਰੂਕ ਕਰਨਾ ਸੀ, ਤਾਂ ਜੋ ਵੱਧ ਤੋਂ ਵੱਧ ਨਾਗਰਿਕ ਇਨ੍ਹਾਂ ਸਹੂਲਤਾਂ ਦਾ ਲਾਭ ਉਠਾ ਸਕਣ। ਇਸ ਵਿਸ਼ੇਸ਼ ਸਮਾਗਮ ਵਿੱਚ ਫਿਰੋਜ਼ਪੁਰ ਡਿਵੀਜ਼ਨ ਦੇ ਸੁਪਰਡੈਂਟ ਸ਼੍ਰੀ ਰਵੀ ਕੁਮਾਰ ਜੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਦੇ ਨਾਲ ਇੰਸਪੈਕਟਰ ਸ਼੍ਰੀ ਅਸ਼ੀਸ਼ ਕੁਮਾਰ ਜੀ, ਮਾਰਕੀਟਿੰਗ ਐਗਜ਼ੀਕਿਊਟਿਵ ਸ. ਗੁਰਜੀਤ ਸਿੰਘ, ਧਰਮਕੋਟ ਦੇ ਸਬ ਪੋਸਟਮਾਸਟਰ ਸ਼੍ਰੀ ਚਰਨਦਾਸ ਜੀ ਅਤੇ ਵਿਭਾਗ ਦੇ ਹੋਰ ਅਫਸਰ ਸਾਹਿਬਾਨ ਵੀ ਮੌਜੂਦ ਸਨ, ਜਿਨ੍ਹਾਂ ਨੇ ਆਏ ਹੋਏ ਨਾਗਰਿਕਾਂ ਨੂੰ ਵਿਭਾਗ ਦੀਆਂ ਨਵੀਨਤਮ ਸੇਵਾਵਾਂ ਤੋਂ ਜਾਣੂ ਕਰਵਾਇਆ। ਇਸ ਡਾਕ ਚੌਪਾਲ ਦੌਰਾਨ ਹਾਜ਼ਰ ਨਾਗਰਿਕਾਂ ਨੂੰ ਡਾਕਘਰ ਦੀਆਂ ਬੈਂਕਿੰਗ ਸੁਵਿਧਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਅਧਿਕਾਰੀਆਂ ਵੱਲੋਂ ਸੇਵਿੰਗ ਬੈਂਕ (SB), ਟਾਈਮ ਡਿਪਾਜ਼ਿਟ ("4), ਮਾਸਿਕ ਆਮਦਨ ਸਕੀਮ) ਅਤੇ ਰਿਕਰਿੰਗ ਡਿਪਾਜ਼ਿਟ (RD) ਵਰਗੀਆਂ ਆਮ ਬੱਚਤ ਸਕੀਮਾਂ ਤੋਂ ਇਲਾਵਾ ਖਾਸ ਵਰਗਾਂ ਲਈ ਬਣਾਈਆਂ ਗਈਆਂ ਸਕੀਮਾਂ ਜਿਵੇਂ ਕਿ ਸੀਨੀਅਰ ਸਿਟੀਜ਼ਨ ਸੇਵਿੰਗ ਸਕੀਮ ਅਤੇ ਧੀਆਂ ਦੇ ਸੁਨਹਿਰੀ ਭਵਿੱਖ ਲਈ 'ਸੁਕੰਨਿਆ ਸਮ੍ਰਿਧੀ ਯੋਜਨਾ' ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਗਿਆ। ਇਸ ਤੋਂ ਇਲਾਵਾ, ਲੋਕਾਂ ਨੂੰ ਭਾਰਤੀ ਡਾਕ ਜੀਵਨ ਬੀਮਾ (PLI) ਅਤੇ ਪੇਂਡੂ ਡਾਕ ਜੀਵਨ ਬੀਮਾ (RPLI) ਵਰਗੀਆਂ ਸੁਰੱਖਿਅਤ ਬੀਮਾ ਯੋਜਨਾਵਾਂ ਬਾਰੇ ਵੀ ਦੱਸਿਆ ਗਿਆ। ਡਾਕਘਰਾਂ ਵਿੱਚ ਉਪਲਬਧ ਹੋਰ ਜ਼ਰੂਰੀ ਸੇਵਾਵਾਂ ਜਿਵੇਂ ਕਿ ਆਧਾਰ ਕਾਰਡ ਬਣਾਉਣ/ਅਪਡੇਟ ਕਰਨ ਅਤੇ ਪਾਸਪੋਰਟ ਸੁਵਿਧਾਵਾਂ ਸਬੰਧੀ ਵੀ ਅਹਿਮ ਜਾਣਕਾਰੀ ਸਾਂਝੀ ਕੀਤੀ ਗਈ। ਅੰਤ ਵਿੱਚ ਫਿਰੋਜ਼ਪੁਰ ਡਿਵੀਜ਼ਨ ਦੇ ਸੁਪਰਡੈਂਟ ਸ਼੍ਰੀ ਰਵੀ ਕੁਮਾਰ ਜੀ ਅਤੇ ਹੋਰ ਅਧਿਕਾਰੀਆਂ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਭਾਰਤੀ ਡਾਕ ਵਿਭਾਗ ਲੋਕਾਂ ਦਾ ਆਪਣਾ ਵਿਭਾਗ ਹੈ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਇਨ੍ਹਾਂ ਸੁਰੱਖਿਅਤ ਅਤੇ ਲਾਹੇਵੰਦ ਸਕੀਮਾਂ ਦਾ ਸਾਰਿਆਂ ਨੂੰ ਵੱਧ ਤੋਂ ਵੱਧ ਫਾਇਦਾ ਉਠਾਉਣਾ ਚਾਹੀਦਾ ਹੈ। ਕੈਂਪ ਵਿੱਚ ਲੋਕਾਂ ਵੱਲੋਂ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਡਾਕ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਪਿੰਡ ਨਿੱਕੇ ਘੁੰਮਣ ਵਿਖੇ ਨਵੇਂ ਖੇਡ ਮੈਦਾਨ ਦਾ ਉਦਘਾਟਨ

ਪੰਜਾਬ ਸਰਕਾਰ ਦਾ ਉਦੇਸ਼ ਪਿੰਡ-ਪਿੰਡ ਖੇਡ ਸਹੂਲਤਾਂ ਪਹੁੰਚਾ ਕੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਹੈ-ਵਿਧਾਇਕ ਗੁਰਦੀਪ ਸਿੰਘ ਰੰਧਾਵਾ





ਡੇਰਾ ਬਾਬਾ ਨਾਨਕ/ਗੁਰਦਾਸਪੁਰ, 12 ਨਵੰਬਰ (ਪ.ਪ) ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਪਿੰਡ ਨਿੱਕੇ ਘੁੰਮਣ ਵਿਖੇ ਨਵੇਂ ਖੇਡ ਮੈਦਾਨ ਦਾ ਉਦਘਾਟਨ ਕੀਤਾ। ਇਸ ਮੌਕੇ ਖਿਡਾਰੀਆਂ ਨੂੰ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਇਲਾਕੇ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਖੇਡਾਂ ਜਿੱਥੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦਾ ਆਧਾਰ ਹਨ, ਉੱਥੇ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਉਦੇਸ਼ ਪਿੰਡ-ਪਿੰਡ ਖੇਡ ਸਹੂਲਤਾਂ ਪਹੁੰਚਾ ਕੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਅਤੇ ਉਨ੍ਹਾਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਹੈ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨੌਜਵਾਨ ਪੀੜੀ ਸਾਡਾ ਭਵਿੱਖ ਹਨ ਤੇ ਸਾਡਾ ਭਵਿੱਖ ਹੱਸਦਾ ਖੇਡਦਾ ਤੇ ਰੋਸ਼ਨਾਉਂਦਾ ਹੀ ਹੋਵੇ ਇਸ ਲਈ ਪੰਜਾਬ ਸਰਕਾਰ ਨੌਜਵਾਨੀ ਨੂੰ ਬਚਾਉਣ ਲਈ ਸਾਰਥਕ ਉਪਰਾਲੇ ਕਰ ਰਹੀ ਹੈ। ਉਹਨਾਂ ਕਿਹਾ ਕਿ ਖੇਡ ਮੈਦਾਨਾਂ ਦੀ ਉਸਾਰੀ ਨਾਲ ਜਿੱਥੇ ਨੌਜਵਾਨ ਮਾੜੀ ਸੰਗਤ ਵਿੱਚ ਜਾਣ ਤੋਂ ਬਚੇਗਾ ਉੱਥੇ ਖੇਡਾਂ ਖੇਡਣ ਨਾਲ ਨੌਜਵਾਨ ਸਿਹਤਮੰਦ ਤੇ ਤੰਦਰੁਸਤ ਹੋਵੇਗਾ। ਪਿੰਡਾਂ ਵਿੱਚ ਖੇਡ ਮੈਦਾਨ ਹੋਣ ਨਾਲ ਖਿਡਾਰੀ ਆਪਣੀ ਖੇਡ ਨੂੰ ਹੋਰ ਨਿਖਾਰ ਸਕੇਗਾ ਤੇ ਕਿਸੇ ਹੋਰ ਥਾਂ ਤੇ ਖੇਡ ਲਈ ਆਉਣ ਜਾਣ ਦੀ ਖੱਜਲ ਖਵਾਰੀ ਤੋਂ ਵੀ ਬਚੇਗਾ। ਨੌਜਵਾਨ ਖੇਡਾਂ, ਖੇਡ ਕੇ ਸੂਬੇ ਦਾ ਨਾਮ ਰੋਸ਼ਨ ਕਰੇਗਾ ਤੇ ਚੰਗੀ ਮੁਹਾਰਤ ਹਾਸਲ ਕਰੇਗਾ ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੌਜਵਾਨ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਨੌਜਵਾਨ ਵਰਗ ਨੂੰ ਮਾੜੀ ਕੁਰੀਤੀਆਂ ਤੋਂ ਬਚਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ ਜਿਥੇ ਲਗਾਤਾਰ ਮਿਹਨਤ ਕਰਕੇ ਜਿਥੇ ਇਕ-ਇਕ ਨੌਜਵਾਨ ਸਿਹਤਮੰਦ ਰਹੇਗਾ ਤੇ ਖੇਡਾਂ ਖੇਡ ਕੇ ਆਪਣੀ ਐਨਰਜੀ ਨੂੰ ਸਕਰਾਤਮਕ ਗਤੀਵਿਧੀਆਂ ਵੱਲ ਲਗਾਏਗਾ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋ ਮੁੜ ਵਸੇਬਾ ਕੇਂਦਰ ਗੁਰਦਾਸਪੁਰ ਅਤੇ ਓਟ ਸੈਂਟਰ ਧਾਰੀਵਾਲ ਵਿਖੇ ਨਸ਼ਾ ਪੀੜਤਾਂ ਨੂੰ ਸਕਿਲ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਗਈ





ਗੁਰਦਾਸਪੁਰ, 12 ਨਵੰਬਰ(ਪ.ਪ)) - ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਜਿਥੇ ਡਰੱਗ

ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਗੁਰਦੁਆਰਾ ਸਹੀਦ ਗੰਜ ਸਾਹਿਬ ਸ਼ਲੀਣਾ ਵਿਖੇ ਗੁਰਤਾਗੱਦੀ ਦਿਵਸ ਮਨਾਇਆ

ਸੰਗਤਾਂ ਦਾ ਬਾਣੀ ਅਤੇ ਬਾਣੇ ਦੇ ਧਾਰਨੀ ਹੋਣਾ ਜਰੂਰੀ - ਸੰਤ ਗੁਰਜੰਟ ਸਿੰਘ ਜੀ



ਨੱਥੂਵਾਲਾ ਗਰਬੀ, 12 ਨਵੰਬਰ (ਪ.ਪ) - ਧੰਨ ਧੰਨ ਸ਼੍ਰੋਮਣੀ ਸ਼ਹੀਦ ਬਾਬਾ ਲਾਲ ਸਿੰਘ ਜੀ ਖੋਸਾ ਜੀ ਦੀ ਯਾਦ ਵਿੱਚ ਸਸ਼ੋਭਿਤ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਸਲੀਣਾ ਦੇ ਮੁੱਖ ਸੇਵਾਦਾਰ ਪਰਮਹੰਸ ਸੰਤ ਬਾਬਾ ਗੁਰਜੰਟ ਸਿੰਘ ਜੀ ਦੀ ਅਗਵਾਈ ਵਿੱਚ ਸ਼ਰੋਮਣੀ ਗੁਰੂ ਗਰੰਥ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਜਿਸ ਮੌਕੇ ਤੇ ਦੋ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਅੰਦਰਲੇ ਪੰਡਾਲ ਵਿੱਚ ਦਿਵਾਨ ਸਜਾਏ ਗਏ।ਇਸ ਮੌਕੇ 'ਤੇ ਪਰਮਹੰਸ ਸੰਤ ਬਾਬਾ ਗੁਰਜੰਟ ਸਿੰਘ ਜੀ ਨੇ ਪ੍ਰਵਚਨ ਕਰਦਿਆ ਸੰਗਤਾਂ ਨੂੰ ਕਿਹਾ ਕਿ ਸੰਗਤਾਂ ਬਾਣੀ ਅਤੇ ਬਾਣੇ ਵਿੱਚ ਪਰਪੱਕ ਹੋਣ ਅਤੇ ਪੱਕੇ ਨਿਤਨੇਮੀ ਬਣਨਾ, ਝੂਠ, ਨਿੰਦਿਆ, ਆਲਸ ਨੂੰ ਤਿਆਗ ਕੇ ਸਹੀ ਅਰਥਾਂ ਵਿੱਚ ਆਪਣਾ ਜੀਵਨ ਗੁਰਸਿੱਖੀ ਵਿੱਚ ਰਹਿ ਕੇ ਬਤੀਤ ਕਰਨਾ ਜਰੂਰੀ ਹੈ ।ਉਨਾਹ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਕਿਸੇ ਇੱਕ ਧਰਮ ਲਈ ਨਹੀ ਹੈ ਬਲਕਿ ਇਹ ਤਾਂ ਪੂਰੀ ਲੁਕਾਈ ਨੂੰ ਸਮਰਪਿਤ ਹੈ ।ਇਸ ਵਿੱਚ ਵੱਖ ਵੱਖ ਧਰਮਾਂ ਦੇ 36 ਮਹਾਂਪੁਰਸ਼ਾਂ ਦੀ ਬਾਣੀ ਦਰਜ਼ ਹੈ।ਜਿਸ ਵਿੱਚੋਂ 6 ਗੁਰੂ ਸਾਹਿਬਾਨਾਂ, 4 ਸਿੱਖਾਂ, 11 ਭੱਟਾਂ ਅਤੇ 15 ਭਗਤ ਸ਼ਾਮਲ ਹਨ । ਕਲਯੁੱਗ ਦੇ ਵਿੱਚ ਵਿਕਾਰਾਂ ਤੋਂ ਬਚਣ ਵਾਸਤੇ ਸਾਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਹੁਕਮਾਂ ਅਨੁਸਾਰ ਹੀ ਆਪਣੀ ਜਿੰਦਗੀ ਬਤੀਤ ਕਰਨੀ ਚਾਹੀਦੀ ਹੈ ।ਇਸ ਮੌਕੇ ਤੇ ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਮਾਪੇ ਅਪਣੀ ਜਿੰਮੇਵਾਰੀ ਸਮਝਦੇ ਹੋਏ ਆਪਣੇ ਬੱਚਿਆਂ ਨੂੰ ਗੁਰੂ ਘਰਾਂ ਨਾਲ ਜੋੜਨ ਦੀ ਜਰੂਰ ਕੋਸ਼ਿਸ਼ ਕਰਨ। ਬੱਚਿਆਂ ਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਜਾਵੇ।ਗੁਰੂ ਘਰਾਂ ਵਿੱਚ ਜਾਣ ਨਾਲ ਬੱਚਿਆਂ ਵਿੱਚ ਗੁਰਬਾਣੀ ਨਾਲ ਜੁੜਨ ਦੀ ਖਿੱਚ ਪੈਦਾ ਹੋਵੇਗੀ।ਸਮਾਗਮ ਦੇ ਅਖੀਰ ਵਿੱਚ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਆਟੁੱਟ ਵਰਤਾਇਆ ਗਿਆਇਸ ਮੌਕੇ ਤੇ ਸਾਬਕਾ ਚੇਅਰਮੈਨ ਬਹਾਦਰ ਸਿੰਘ ਹਰਦਾਸਾ, ਮਾਸਟਰ ਬਲਦੇਵ ਸਿੰਘ, ਆਰ.ਆਰ. ਬਾਂਸਲ, ਸਾਬਕਾ ਐਕਸੀਅਨ ਸੋਹਣ ਲਾਲ, ਜਗਸੀਰ ਸਿੰਘ ਭਿੰਡਰ, ਜੇ.ਈ. ਗੁਰਸੇਵਕ ਸਿੰਘ , ਦਰਸਨ ਸਿੰਘ ਖੋਸਾ ਕੋਟਲਾ, ਨਾਹਰ ਸਿੰਘ ਖੋਸਾ ਕੋਟਲਾ, ਮਾਸਟਰ ਗੁਰਦੀਪ ਸਿੰਘ, ਗੁਰਮੀਤ ਸਿੰਘ ਭੁੱਟੀਵਾਲਾ, ਬਲਵਿੰਦਰ ਸਿੰਘ ਨੈਸਲੇ, ਯਾਦਵਿੰਦਰ ਸਿੰਘ ਨੈਸਲੇ, ਨਿਰਮਲ ਸਿੰਘ ਖੋਸਾ ਕੋਟਲਾ, ਮੇਜਰ ਸਿੰਘ, ਨਵਦੀਪ ਸਿੰਘ ਦੁੱਨੇਕੇ, ਦਲਜੀਤ ਸਿੰਘ ਇੱਟਾਂਵਾਲੀ,ਗੁਰਤੇਜ ਸਿੰਘ ਪੱਤਲੀ, ਨਿਰਮਲ ਸਿੰਘ,ਗੁਰਚਰਨ ਸਿੰਘ ਪਟਵਾਰੀ,ਬੂਟਾ ਸਿੰਘ, ਗੁਰਦੀਪ ਸਿੰਘ, ਦਰਸ਼ਨ ਸਿੰਘ,ਬਲਕਾਰ ਸਿੰਘ, ਜੋਤਪ੍ਰਤਾਪ ਸਿੰਘ, ਸੁਖਜੀਤ ਸਿੰਘ ਤੁੰਬੜਭੰਨ, ਨਵਦੀਪ ਸਿੰਘ ਮੁੱਦਕੀ,ਸੁਖਦੇਵ ਸਿੰਘ, ਮਨਜਿੰਦਰ ਸਿੰਘ ਕੰਗ, ਇੰਸਪੈਕਟਰ ਬਲਜਿੰਦਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਧਾਇਕ ਸ਼ੈਰੀ ਕਲਸੀ ਵਲੋਂ ਪਿੰਡ ਡੱਲਾ ਵਿਖੇ ਖੇਡ ਸਟੇਡੀਅਮ ਦਾ ਉਦਘਾਟਨ

ਸਰਪੰਚ ਮੇਜਰ ਸਿੰਘ ਵਿਧਾਇਕ ਸ਼ੈਰੀ ਕਲਸੀ ਦਾ ਕੀਤਾ ਧੰਨਵਾਦ



ਬਟਾਲਾ, 12 ਨਵੰਬਰ (ਪ.ਪ) - ਹਲਕਾ ਬਟਾਲਾ ਦੇ ਮੁੱਖ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਇਲਾਕੇ ਦੇ ਲੋਕਾਂ ਨੂੰ ਵੱਡੀ ਸੌਗਾਤ ਦਿੱਤੀ ਗਈ ਹੈ। ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਡੱਲਾ ਵਿਖੇ ਨਵੇਂ ਤਿਆਰ ਕੀਤੇ ਗਏ ਖੇਡ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸਰਪੰਚ ਮੇਜਰ ਸਿੰਘ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਇਸ ਮੌਕੇ ਖਿਡਾਰੀਆਂ ਨੂੰ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਜਿਵੇਂ ਕਿ ਬਿਹਤਰ ਸਿਹਤ ਸੇਵਾਵਾਂ ਅਤੇ ਖੇਡਾਂ ਦੇ ਬਿਹਤਰੀਨ ਪ੍ਰਬੰਧ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡ ਡੱਲਾ ਖੇਡ ਸਟੇਡੀਅਮ ਨਾਲ ਪਿੰਡ ਅਤੇ ਆਸ-ਪਾਸ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਦੇ ਖੇਤਰ ਵਿੱਚ ਆਪਣਾ ਅਤੇ ਆਪਣੇ ਇਲਾਕੇ ਦਾ ਨਾਂ ਰੋਸ਼ਨ ਕਰ ਸਕਣ। ਉਨ੍ਹਾਂ ਅੱਗੇ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਕਈ ਵਿਕਾਸ ਪ੍ਰੋਜੈਕਟ ਹਲਕਾ ਵਾਸੀਆਂ ਨੂੰ ਸਮਰਪਿਤ ਕੀਤੇ ਜਾਣਗੇ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੇ ਪ੍ਰੋਜੈਕਟ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਇਸ ਉਦਘਾਟਨੀ ਸਮਾਰੋਹ ਦੌਰਾਨ ਪਿੰਡਾਂ ਦੀ ਪੰਚਾਇਤ, ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਨਿਊ ਆਦਰਸ਼ ਸਕੂਲ ਸੜੋਆ ਵਿਖੇ ਵੋਟਰ ਜਾਗਰੂਕਤਾ ਸਬੰਧੀ ਕੁਇੱਜ਼ ਤੇ ਲੇਖ ਮੁਕਾਬਲੇ ਕਰਵਾਏ



ਬਲਾਚੌਰ, 12 ਨਵੰਬਰ (ਪ.ਪ)) - ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਵਿਦਿਆਰਥੀਆਂ ਵਿੱਚ ਵੋਟ ਦੇ ਅਧਿਕਾਰ ਅਤੇ ਲੋਕਤੰਤਰੀ ਪ੍ਰਣਾਲੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਲੈਕਟੋਰਲ ਲਿਟਰੇਸੀ ਕਲੱਬਾਂ ਵੱਲੋਂ ਵਿੱਦਿਅਕ ਸੰਸਥਾਵਾਂ ਵਿੱਚ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੜੋਆ ਵਿਖੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਕੁਇੱਜ਼ ਅਤੇ ਲੇਖ-ਰਚਨਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ 100 ਤੋਂ ਵੱਧ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਕੁਇੱਜ਼ ਮੁਕਾਬਲੇ ਰਾਹੀਂ ਵਿਦਿਆਰਥੀਆਂ ਨੇ ਭਾਰਤੀ ਚੋਣ ਪ੍ਰਣਾਲੀ, ਸੰਵਿਧਾਨਕ ਅਧਿਕਾਰਾਂ ਅਤੇ ਵੋਟ ਦੀ ਮਹੱਤਤਾ ਸਬੰਧੀ ਆਪਣੇ ਗਿਆਨ ਦਾ ਪ੍ਰਗਟਾਵਾ ਕੀਤਾ, ਜਦਕਿ ਲੇਖ-ਰਚਨਾ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੇ ਵਿਚਾਰਾਂ ਅਤੇ ਰਚਨਾਤਮਕ ਹੁਨਰ ਰਾਹੀਂ ਲੋਕਤੰਤਰ ਦੀ ਮਜ਼ਬੂਤੀ ਲਈ ਵੋਟ ਦੀ ਭੂਮਿਕਾ ਨੂੰ ਬਾਖੂਬੀ ਪੇਸ਼ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਸੰਜੇ ਮਲਹੋਤਰਾ ਅਤੇ ਪ੍ਰਿੰਸੀਪਲ ਮੈਡਮ ਗੀਤਿਕਾ ਚੰਦੇਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਨਾਗਰਿਕ ਨੂੰ ਆਪਣੇ ਸੰਵਿਧਾਨਕ ਹੱਕਾਂ ਅਤੇ ਫਰਜ਼ਾਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਵੋਟ ਦਾ ਅਧਿਕਾਰ ਬੇਹੱਦ ਮਹੱਤਵਪੂਰਨ ਹੈ। ਹਰੇਕ ਯੋਗ ਨਾਗਰਿਕ ਨੂੰ ਬਿਨਾਂ ਕਿਸੇ ਲਾਲਚ, ਦਬਾਅ ਜਾਂ ਭੇਦਭਾਵ ਤੋਂ ਆਪਣੀ ਵੋਟ ਦੀ ਸਹੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਦੇ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਦੇਸ਼ ਦੇ ਵਿਕਾਸ ਵਿੱਚ ਆਪਣਾ ਅਹਿਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਧਰਮਿੰਦਰ ਸਿੰਘ, ਕੁਲਵਿੰਦਰ ਕੌਰ, ਪ੍ਰਵੀਨ ਕੌਸ਼ਲ, ਯੋਗਿਤਾ ਸ਼ਰਮਾ, ਰਮਨ ਕੁਮਾਰ, ਨਰਿੰਦਰ ਸਿੰਘ, ਲਵਪ੍ਰੀਤ ਸਿੰਘ, ਰਮਨਪ੍ਰੀਤ ਸਿੰਘ, ਸੁਨੀਤਾ ਸ਼ਰਮਾ, ਸਪਨਾ ਦੇਵੀ, ਰਮਨਾ ਦੇਵੀ, ਡਿੰਪਲ ਵਿਰਦੀ, ਸੀਮਾ ਸ਼ਰਮਾ, ਸੀਮਾ ਰਾਣੀ, ਰੇਨੂੰ, ਪੂਜਾ ਦੇਵੀ, ਕਮਲਜੀਤ ਕੌਰ, ਰਾਜ ਕੁਮਾਰੀ, ਗੁਰਦੀਪ ਕੌਰ, ਸਾਕਸ਼ੀ ਕਟਾਰੀਆ, ਭਾਰਤੀ ਦੇਵੀ, ਸੁਖਪਾਲ ਅਤੇ ਪੀ.ਟੀ.ਆਈ. ਜੋਗਿੰਦਰ ਪਾਲ ਸਮੇਤ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਪੰਜਾਬ ਸਰਕਾਰ ਖੇਡਾਂ ਦੇ ਖੇਤਰ ਵਿਚ ਅਹਿਮ ਉਪਰਾਲੇ ਕਰ ਰਹੀ : ਜੋਬਨ ਰੰਧਾਵਾ

ਹਲਕਾ ਇੰਚਾਰਜ ਅਤੇ ਚੇਅਰਮੈਨ ਜੋਬਨ ਰੰਧਾਵਾ ਦੀ ਅਗਵਾਈ ਵਿੱਚ ਪਿੰਡ ਦਾਬਾਂਵਾਲ ਵਿਖੇ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਮੈਦਾਨ ਦਾ ਉਦਘਾਟਨ



ਫਤਿਹਗੜ੍ਹ ਚੂੜੀਆਂ/ਬਟਾਲਾ, 12 ਨਵੰਬਰ (ਪ.ਪ) - ਹਲਕਾ ਇੰਚਾਰਜ ਅਤੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਗੁਰਦਾਸਪੁਰ ਜੋਬਨ ਰੰਧਾਵਾ ਦੀ ਅਗਵਾਈ ਹੇਠ ਖੇਡ ਕ੍ਰਾਂਤੀ ਅਧੀਨ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਦਾਬਾਂਵਾਲ ਵਿਖੇ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਮੈਦਾਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪਰੀਸ਼ਦ ਮੈਂਬਰ ਅਨਮੋਲ ਰੰਧਾਵਾ, ਸਰਪੰਚ ਰਜਿੰਦਰ ਸਿੰਘ ਸਮੇਤ ਪਿੰਡ ਵਾਲੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਇਸ ਦੌਰਾਨ ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਅਨਮੋਲ ਰੰਧਾਵਾ ਨੇ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਦੇਣ ਲਈ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਖੇਡਾਂ ਨਾ ਸਿਰਫ਼ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਮਜ਼ਬੂਤ ਕਰਦੀਆਂ ਹਨ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਹਲਕਾ ਇੰਚਾਰਜ ਜੋਬਨ ਰੰਧਾਵਾ ਦੀ ਅਗਵਾਈ ਵਿੱਚ ਹਲਕੇ ਦੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਨਾਲ-ਨਾਲ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਪਿੰਡਾਂ ਦੀ ਨਵੀਂ ਪੀੜ੍ਹੀ ਨੂੰ ਆਪਣੇ ਹੀ ਪਿੰਡਾਂ ਵਿੱਚ ਵਧੀਆ ਖੇਡ ਸਹੂਲਤਾਂ ਮਿਲ ਸਕਣ। ਉਨ੍ਹਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਪਿੰਡ ਪੱਧਰ 'ਤੇ ਖਿਡਾਰੀਆਂ ਨੂੰ ਬਿਹਤਰ ਮੌਕੇ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕਾ ਫਤਿਹਗੜ੍ਹ ਚੂੜੀਆਂ ਦੇ ਵਿਕਾਸ ਅਤੇ ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣਗੇ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵੋਟਰ ਸੂਚੀਆਂ ਵਿੱਚ ਆਪਣਾ ਨਾਮ ਚੈਕ ਕਰ ਸਕਦੇ ਨੇ ਲੋਕ - ਡਿਪਟੀ ਕਮਿਸ਼ਨਰ ਸਾਗਰ ਸੇਤੀਆ

ਧਰਮਕੋਟ ਦੇ ਵਾਰਡ ਨੰਬਰ 1, 2, 3, 4, 7, 9 ਅਤੇ 13 ਅਤੇ ਬਾਘਾ ਪੁਰਾਣਾ ਦੇ ਵਾਰਡ ਨੰਬਰ 1 ਤੋਂ 15 ਤੱਕ ਦੀਆਂ ਵੋਟਰ ਸੂਚੀਆਂ ਨਿਰੀਖਣ ਲਈ ਉਪਲਬਧ



ਧਰਮਕੋਟ:(ਪ.ਪ) - ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਸਾਗਰ ਸੇਤੀਆ ਨੇ ਨਗਰ ਕੌਂਸਲ ਧਰਮਕੋਟ ਅਤੇ ਬਾਘਾ ਪੁਰਾਣਾ ਦੀਆਂ ਚੋਣਾਂ-2026 ਦੇ ਮੱਦੇਨਜ਼ਰ ਦੋਵਾਂ ਸ਼ਹਿਰਾਂ ਦੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੋਟਰ ਸੂਚੀਆਂ ਵਿੱਚ ਆਪਣਾ ਨਾਮ ਚੈੱਕ ਕਰ ਸਕਦੇ ਤਾਂ ਜੋ ਕੋਈ ਵੀ ਯੋਗ ਵੋਟਰ ਆਪਣੀ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਧਰਮਕੋਟ ਦੇ ਵਾਰਡ ਨੰਬਰ 1, 2, 3, 4, 7, 9 ਅਤੇ 13 ਦੀਆਂ ਵਾਰਡ ਵਾਈਜ਼ ਵੋਟਰ ਸੂਚੀਆਂ ਆਮ ਲੋਕਾਂ ਦੇ ਨਿਰੀਖਣ ਲਈ ਉਪਲਬਧ ਕਰਵਾਈਆਂ ਗਈਆਂ ਹਨ। ਇਹ ਸੂਚੀਆਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਸਤਲੁਜ ਬਲਾਕ ਦੀ ਦੂਜੀ ਮੰਜ਼ਿਲ 'ਤੇ ਸਥਿਤ ਕਮਰਾ ਨੰਬਰ 203, ਇਲੈਕਸ਼ਨ ਸੈੱਲ ਅਤੇ ਨਗਰ ਕੌਂਸਲ ਧਰਮਕੋਟ ਦੇ ਦਫ਼ਤਰ ਵਿਖੇ ਕਮਰਾ ਨੰਬਰ 20, ਇਲੈਕਸ਼ਨ ਸ਼ਾਖਾ ਅਤੇ ਕਾਰਜ ਸਾਧਕ ਅਫ਼ਸਰ ਦੇ ਦਫ਼ਤਰ ਦੇ ਮੀਟਿੰਗ ਹਾਲ ਵਿੱਚ ਦੇਖੀਆਂ ਜਾ ਸਕਦੀਆਂ ਹਨ। ਇਸੇ ਤਰ੍ਹਾਂ ਨਗਰ ਕੌਂਸਲ ਬਾਘਾ ਪੁਰਾਣਾ ਦੇ ਵਾਰਡ ਨੰਬਰ 1 ਤੋਂ 15 ਤੱਕ ਦੀਆਂ ਵਾਰਡ ਵਾਈਜ਼ ਵੋਟਰ ਸੂਚੀਆਂ ਵੀ ਆਮ ਲੋਕਾਂ ਦੇ ਨਿਰੀਖਣ ਲਈ ਉਪਲਬਧ ਹਨ। ਇਹ ਸੂਚੀਆਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਸਤਲੁਜ ਬਲਾਕ ਦੀ ਦੂਜੀ ਮੰਜ਼ਿਲ 'ਤੇ ਸਥਿਤ ਕਮਰਾ ਨੰਬਰ 203, ਇਲੈਕਸ਼ਨ ਸੈੱਲ ਅਤੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਦਫ਼ਤਰ ਵਿਖੇ ਕਮਰਾ ਨੰਬਰ 6, ਇਲੈਕਸ਼ਨ ਸੈੱਲ ਅਤੇ ਕਾਰਜ ਸਾਧਕ ਅਫ਼ਸਰ ਦੇ ਦਫ਼ਤਰ ਦੇ ਮੀਟਿੰਗ ਹਾਲ ਵਿੱਚ ਦੇਖੀਆਂ ਜਾ ਸਕਦੀਆਂ ਹਨ। ਡਿਪਟੀ ਕ

ਖੇੜਾ ਕਲਮੋਟ ਸਕੂਲ ਵਿਖੇ ਪੰਜਾਬੀ ਮਾਹ ਨੂੰ ਸਮਰਪਿਤ ਸੁੰਦਰ ਲਿਖਾਈ ਮੁਕਾਬਲੇ ਕਰਵਾਏ





ਨੂਰਪੁਰ ਬੇਦੀ /ਸ੍ਰੀ ਅਨੰਦਪੁਰ ਸਾਹਿਬ 12 ਨਵੰਬਰ (ਪ.ਪ) - ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਰੂਪਨਗਰ-ਸਹੀਦ ਭਗਤ ਸਿੰਘ ਨਗਰ ਜੋਨ ਦੇ ਖੇਤਰ ਨੂਰਪੁਰ ਬੇਦੀ ਵੱਲੋਂ ਪ੍ਰਿੰਸੀਪਲ ਪ੍ਰੇਮ ਧੀਮਾਨ ਅਤੇ ਮਾਸਟਰ ਅਮਰੀਕ ਸਿੰਘ ਦਿਆਲ ਦੇ ਵਿਸੇਸ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖੇੜਾ ਕਲਮੋਟ ਵਿਖੇ ਪੰਜਾਬੀ ਮਾਂ-ਬੋਲੀ ਨੂੰ ਸਮਰਪਿਤ ਸਕੂਲ ਪੱਧਰੀ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ 55 ਵਿਦਿਆਰਥੀਆਂ ਨੇ ਉਤਸਾਹ ਨਾਲ ਭਾਗ ਲਿਆ। ਮੁਕਾਬਲਿਆਂ ਨੂੰ ਦੋ ਵਰਗਾਂ ਵਿੱਚ ਵੰਡਿਆ ਗਿਆ। ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਤੀਜੇ ਵਰਗ ਵਿੱਚੋਂ ਸੀਆ ਰਾਣੀ (ਅੱਠਵੀਂ ਜਮਾਤ) ਨੇ ਪਹਿਲਾ, ਰਜਨੀਸ ਕੁਮਾਰ (ਅੱਠਵੀਂ ਜਮਾਤ) ਨੇ ਦੂਜਾ ਅਤੇ ਸੀਰਤ ਕੌਰ (ਛੇਵੀਂ ਜਮਾਤ) ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਚੌਥੇ ਵਰਗ ਵਿੱਚੋਂ ਅੰਕਿਤਾ (ਦਸਵੀਂ ਜਮਾਤ) ਨੇ ਪਹਿਲਾ, ਮਾਨਵੀ ਠਾਕੁਰ (ਨੌਵੀਂ ਜਮਾਤ) ਨੇ ਦੂਜਾ ਅਤੇ ਅਰੂਸੀ (ਦਸਵੀਂ ਜਮਾਤ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ ਦੀ ਜੱਜਮੈਂਟ ਦੀ ਸੇਵਾ ਸਟੇਟ ਐਵਾਰਡੀ ਸੇਵਾਮੁਕਤ ਅਧਿਆਪਕ ਧਨੀ ਰਾਮ ਵੱਲੋਂ ਨਿਭਾਈ ਗਈ। ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਖੇਤਰ ਨੂਰਪੁਰ ਬੇਦੀ ਦੇ ਪ੍ਰਧਾਨ ਦਿਆਲ ਸਿੰਘ ਮੁਕਾਰੀ ਨੇ ਵਿਦਿਆਰਥੀਆਂ ਅਤੇ ਹਾਜਰ ਸਟਾਫ ਨੂੰ ਸੰਬੋਧਨ ਕਰਦਿਆਂ ਸਟੱਡੀ ਸਰਕਲ ਵੱਲੋਂ ਨੈਤਿਕ ਸਿੱਖਿਆ, ਸਮਾਜਿਕ, ਸੱਭਿਆਚਾਰਕ ਅਤੇ ਧਾਰਮਿਕ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਟੱਡੀ ਸਰਕਲ ਦੇ ਖੇਤਰੀ ਸਕੱਤਰ ਦਲਵਿੰਦਰ ਸਿੰਘ ਸਮੀਰੋਵਾਲ ਨੇ ਵਿਦਿਆਰਥੀਆਂ ਨੂੰ ਆਪਣੀ ਮਾਂ-ਬੋਲੀ ਪੰਜਾਬੀ ਨਾਲ ਪਿਆਰ ਕਰਨ, ਇਸ ਦੀ ਮਹੱਤਤਾ ਨੂੰ ਸਮਝਣ ਅਤੇ ਇਸ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮਾਂ-ਬੋਲੀ ਸਾਡੀ ਪਛਾਣ ਅਤੇ ਸੱਭਿਆਚਾਰਕ ਵਿਰਾਸਤ ਦਾ ਅਹਿਮ ਆਧਾਰ ਹੈ।ਸਮਾਗਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਪ੍ਰੇਮ ਧੀਮਾਨ ਅਤੇ ਸਮੂਹ ਸਟਾਫ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੀ ਟੀਮ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਸਕੂਲ ਦੀ ਆਪਣੀ ਸਾਲਾਨਾ ਪੱਤ੍ਰਿਕਾ 'ਰੂਪ ਖੇੜਾ' ਦੀਆਂ ਕਾਪੀਆਂ ਵੀ ਭੇਟ ਕੀਤੀਆਂ ਗਈਆਂ।ਇਸ ਉਪਰਾਲੇ ਦਾ ਮੁੱਖ ਮਕਸਦ ਵਿਦਿਆਰਥੀਆਂ ਅੰਦਰ ਪੰਜਾਬੀ ਭਾਸਾ ਪ੍ਰਤੀ ਪਿਆਰ, ਸੁੰਦਰ ਲਿਖਾਈ ਦੀ ਰੁਚੀ ਅਤੇ ਆਪਣੀ ਮਾਂ-ਬੋਲੀ ਨਾਲ ਸਾਂਝ ਨੂੰ ਹੋਰ ਮਜਬੂਤ ਕਰਨਾ ਸੀ। ਇਸ ਮੌਕੇ ਪ੍ਰਿੰਸੀਪਲ ਪ੍ਰੇਮ ਕੁਮਾਰ ਧੀਮਾਨ ,ਸੁਧੀਰ ਸਿੰਘ, ਰਕੇਸ ਕੁਮਾਰ, ਅਮਰੀਕ ਸਿੰਘ ਦਿਆਲ, ਸੁਦੇਸ ਕੁਮਾਰੀ, ਪਰਮਜੀਤ ਕੌਰ, ਮੀਤਕ ਸਰਮਾ, ਅਰਵਿੰਦ ਸਰਮਾ, ਪ੍ਰਿਯੰਕਾ, ਅਨੀਤਾ ,ਸਪਨਾ ਰਾਣਾ, ਕੁਲਦੀਪ ਸਿੰਘ ਰਾਣਾ ,ਰਜੇਸ ਕੁਮਾਰ ਨਿਸਾ ਕੁਮਾਰੀ ਸਮੇਤ ਵਿਦਿਆਰਥੀ ਹਾਜਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਸਮੇਂ ਦੀ ਮੁੱਖ ਲੋੜ - ਸਪੀਕਰ ਸੰਧਵਾਂ

ਸਪੀਕਰ ਸੰਧਵਾਂ ਨੇ ਪਿੰਡ ਖਾਰਾ ਵਿਖੇ 3100 ਖੇਡ ਮੈਦਾਨਾਂ ਦੇ ਤੀਜੇ ਪੜਾਅ ਤਹਿਤ ਖੇਡ ਮੈਦਾਨ ਦੇ ਕੰਮ ਦਾ ਕੀਤਾ ਉਦਘਾਟਨ



ਕੋਟਕਪੂਰਾ, 11 ਨਵੰਬਰ (ਪ.ਪ)- ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਪਿੰਡ ਖਾਰਾ ਵਿਖੇ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਤਿਆਰ ਕੀਤੇ ਜਾ ਰਹੇ 3100 ਖੇਡ ਮੈਦਾਨਾਂ ਦੇ ਤੀਜੇ ਪੜਾਅ ਤਹਿਤ ਖੇਡ ਮੈਦਾਨ ਦੇ ਕੰਮ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਉਹਨਾਂ ਖੇਡ ਕਿੱਟਾਂ ਵੀ ਵਿੱਤੀਆਂ। ਇਸ ਮੌਕੇ ਸੰਬੋਧਨ ਕਰਦਿਆਂ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਮੈਦਾਨ ਵਿਕਸਿਤ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਤਾਂ ਜੋ ਪਿੰਡਾਂ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ ਲਈ ਵਧੀਆ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਦੱਸਿਆ ਕਿ ਪਿੰਡ ਖਾਰਾ ਵਿਖੇ ਬਣਾਏ ਜਾ ਰਹੇ ਖੇਡ ਮੈਦਾਨ ਵਿੱਚ ਰਾਤ ਸਮੇਂ ਵੀ ਖੇਡ ਗਤੀਵਿਧੀਆਂ ਜਾਰੀ ਰੱਖਣ ਲਈ ਵਿਸੇਸ ਲਾਈਟਾਂ ਲਗਾਈਆਂ ਜਾ ਰਹੀਆਂ ਹਨ, ਤਾਂ ਜੋ ਬੱਚੇ ਦਿਨ ਅਤੇ ਰਾਤ ਦੋਵੇਂ ਸਮੇਂ ਖੇਡਾਂ ਦਾ ਅਭਿਆਸ ਕਰ ਸਕਣ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਦੇ ਨਾਲ-ਨਾਲ ਉਨ੍ਹਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡ ਮੈਦਾਨਾਂ ਦੀ ਸਾਂਭ-ਸੰਭਾਲ ਕਰਨ ਅਤੇ ਵੱਧ ਤੋਂ ਵੱਧ ਬੱਚਿਆਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀਆਂ ਲੋੜਾਂ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਹਮੇਸਾ ਯਤਨਸੀਲ ਰਹਿਣਗੇ। ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਉਹ ਆਪਣੇ ਇਲਾਕੇ ਦੀਆਂ ਲੋੜਾਂ ਅਤੇ ਸਮੱਸਿਆਵਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਉਂਦੇ ਰਹਿਣ, ਤਾਂ ਜੋ ਲੋਕਾਂ ਦੀ ਸੇਵਾ ਦੇ ਕਾਰਜ ਲਗਾਤਾਰ ਜਾਰੀ ਰੱਖੇ ਜਾ ਸਕਣ। ਇਸ ਮੌਕੇ ਜਗਤਾਰ ਸਿੰਘ ਜੱਗਾ ਸਰਪੰਚ, ਸਤਿੰਦਰਜੀਤ ਸਿੰਘ ਗੋਲਡੀ ਬਲਾਕ ਸੰਮਤੀ, ਗੁਰਪ੍ਰਤਾਪ ਸਿੰਘ ਕੈਰੀ ਪ੍ਰਧਾਨ, ਤੇਜਿੰਦਰ ਸਿੰਘ ਬਰਾੜ, ਕੁਲਦੀਪ ਸਿੰਘ ਮੈਂਬਰ, ਬਲਜਿੰਦਰ ਸਿੰਘ ਮੈਂਬਰ, ਦਰਸ਼ਨ ਸਿੰਘ ਮੈਂਬਰ, ਨਿਰਮਲ ਸਿੰਘ ਮੈਂਬਰ, ਸੁਖਬੀਰ ਸਿੰਘ ਬਰਾੜ, ਰਣਜੀਤ ਸਿੰਘ ਬਰਾੜ, ਜਸਵਿੰਦਰ ਸਿੰਘ ਖਾਲਸਾ, ਬਲਵਿੰਦਰ ਸਿੰਘ ਨੰਬਰਦਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਫਰੀਦਕੋਟ ਜ਼ਿਲ੍ਹੇ ਵਿੱਚ 12 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ

ਲੋਕ ਅਦਾਲਤ ਰਾਹੀਂ ਸਸਤਾ, ਸੌਖਾ ਤੇ ਛੇਤੀ ਨਿਆਂ ਪ੍ਰਾਪਤ ਕਰਨ ਦਾ ਵੱਧ ਤੋਂ ਵੱਧ ਲਾਭ ਲੈਣ ਲੋਕ- ਜ਼ਿਲ੍ਹਾ ਤੇ ਸੈਸਨ ਜੱਜ



ਫਰੀਦਕੋਟ, 12 ਨਵੰਬਰ (ਪ.ਪ - ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਮੋਹਾਲੀ ਦੇ ਮਾਨਯੋਗ ਕਾਰਜਕਾਰੀ ਚੇਅਰਮੈਨ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਸੰਜੇ ਅਗਨੀਹੋਤਰੀ, ਮਾਨਯੋਗ ਜ਼ਿਲ੍ਹਾ ਅਤੇ ਸੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਦੀ ਅਗਵਾਈ ਹੇਠ ਮਿਤੀ 12 ਦਸੰਬਰ, 2026 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੌਮੀ ਲੋਕ ਅਦਾਲਤ ਜ਼ਿਲ੍ਹਾ ਕਚਹਿਰੀਆਂ ਫਰੀਦਕੋਟ ਅਤੇ ਸਬ-ਡਵੀਜਨ ਜੈਤੋ ਵਿਖੇ ਲਗਾਈ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਨਯੋਗ ਜ਼ਿਲ੍ਹਾ ਅਤੇ ਸੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਵੱਖ-ਵੱਖ ਕਿਸਮ ਦੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਜਮੀਨ ਐਕੁਆਇਜੀਸਨ ਨਾਲ ਸਬੰਧਤ ਐਗਜੀਕਿਊਸਨ ਕੇਸ, ਸਥਾਈ ਲੋਕ ਅਦਾਲਤ (ਪਬਲਿਕ ਯੂਟਿਲਿਟੀ ਸਰਵਿਸਿਜ) ਵਿੱਚ ਸ਼ਿਕਾਇਤਾਂ/ਪਟੀਸਨਾਂ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਨਾਲ ਸਬੰਧਤ ਦਾਅਵੇ ਅਤੇ ਐਗਜੀਕਿਊਸਨ ਕੇਸ, ਪਰਿਵਾਰਕ ਅਦਾਲਤਾਂ ਨਾਲ ਸਬੰਧਤ ਮਾਮਲੇ, ਕਿਰਤ ਵਿਵਾਦ, ਟ੍ਰੈਫਿਕ ਚਲਾਨ, ਸਮਝੌਤਾਯੋਗ ਅਪਰਾਧ, ਬਿਜਲੀ ਐਕਟ ਅਧੀਨ ਦਰਜ ਐੱਫ.ਆਈ.ਆਰਜ, ਨੈਗੋਸੀਏਬਲ ਇੰਸਟਰੂਮੈਂਟਸ ਐਕਟ ਅਧੀਨ ਸ਼ਿਕਾਇਤਾਂ, ਰਿਕਵਰੀ ਸੂਟ, ਪ੍ਰੀ-ਲਿਟੀਗੇਟਿਵ ਕੇਸ ਅਤੇ ਹੋਰ ਸਮਝੌਤਾਯੋਗ ਕੇਸ ਸਾਮਲ ਹਨ। ਮਾਨਯੋਗ ਜ਼ਿਲ੍ਹਾ ਅਤੇ ਸੈਸਨ ਜੱਜ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ 12 ਦਸੰਬਰ, 2026 ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਸੀ ਸਹਿਮਤੀ ਰਾਹੀਂ ਆਪਣੇ ਕੇਸਾਂ ਦਾ ਨਿਪਟਾਰਾ ਕਰਵਾਉਣ। ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ, ਜਿਵੇਂ ਮੀਡੀਏਸਨ ਸੈਂਟਰ, ਸਥਾਈ ਲੋਕ ਅਦਾਲਤ ਅਤੇ ਮੁਫਤ ਕਾਨੂੰਨੀ ਸੇਵਾਵਾਂ ਦਾ ਵੀ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਅੰਤ ਵਿੱਚ ਮਾਨਯੋਗ ਜ਼ਿਲ੍ਹਾ ਅਤੇ ਸੈਸਨ ਜੱਜ ਨੇ ਸਾਰੇ ਜੁਡੀਸੀਅਲ ਅਫਸਰਾਂ ਅਤੇ ਆਮ ਜਨਤਾ ਨੂੰ ਸੰਬੋਧਨ ਕਰਦਿਆਂ ਕਿਹਾ "ਝਗੜੇ ਮੁਕਾਓ ਅਤੇ ਪਿਆਰ ਵਧਾਓ, ਲੋਕ ਅਦਾਲਤਾਂ ਰਾਹੀਂ ਸਸਤਾ ਅਤੇ ਛੇਤੀ ਨਿਆਂ ਪਾਓ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵੇਦ ਲਿਫਟਿੰਗ ਮੁਕਾਬਲੇ ਵਿੱਚ ਟਿੱਬਾ ਨੰਗਲ ਕਾਲਜ ਦੀਆਂ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ

☛ ਪੰਜਾਬੀ ਯੂਨੀਵਰਸਿਟੀ ਦੇ ਮੁਕਾਬਲੇ 'ਚ 8 ਮੈਡਲ ਜਿੱਤ ਕੇ ਟੀਮ ਨੇ ਹਾਸਲ ਕੀਤਾ ਓਵਰਆਲ ਦੂਜਾ ਸਥਾਨ ☛ ਵਿਦਿਆਰਥਣਾਂ ਨੇ 8 ਮੈਡਲ ਜਿੱਤ ਕੇ ਕਾਲਜ ਦਾ ਨਾਮ ਕੀਤਾ ਰੌਸਨ, ਪ੍ਰਿੰਸੀਪਲ ਤੇ ਟਰੱਸਟ ਵੱਲੋਂ ਵਧਾਈਆਂ



ਨੂਰਪੁਰ ਬੇਦੀ 12 ਨਵੰਬਰ (ਪ.ਪ) - ਵੇਦਾਂਤ ਆਚਾਰੀਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਹੇ ਮਹਾਰਾਜ ਬ੍ਰਹਮਸਾਗਰ ਬ੍ਰਹਮਾਨੰਦ ਭੂਰੀਵਾਲੇ ਗਰੀਬਦਾਸੀ ਕਾਲਜ ਟਿੱਬਾ ਨੰਗਲ ਦੀਆਂ ਵਿਦਿਆਰਥਣਾਂ ਨੇ ਵੇਟ ਲਿਫਟਿੰਗ ਮੁਕਾਬਲੇ ਵਿੱਚ ਸਾਨਦਾਰ ਪੁਜੀਸਨਾਂ ਹਾਸਲ ਕਰਕੇ ਕਾਲਜ ਦਾ ਨਾਮ ਰੌਸਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋ. ਕੁਲਵਿੰਦਰ ਸਿੰਘ ਬੱਬੂ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵੇਟ ਲਿਫਟਿੰਗ ਮੁਕਾਬਲੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਗਏ। ਜਿਸ ਵਿੱਚ ਟਿੱਬਾ ਨੰਗਲ ਕਾਲਜ ਦੀਆਂ ਵਿਦਿਆਰਥਣਾਂ ਨੇ ਮੈਡਮ ਮਨਪ੍ਰੀਤ ਕੌਰ ਅਤੇ ਲੈਕਚਰਾਰ ਤੇਜਿੰਦਰਪਾਲ ਦੀ ਯੋਗ ਅਗਵਾਈ ਹੇਠ ਵੱਖ-ਵੱਖ ਵੇਟ ਕੈਟਾਗਰੀ ਦੇ ਵਿਅਕਤੀਗਤ ਮੁਕਾਬਲਿਆਂ ਵਿੱਚ ਮੈਡਲ ਜਿੱਤੇ ਨਵਨੀਤ ਕੌਰ ਨੇ 53 ਕਿਲੋ ਭਾਰ ਵਰਗ ਵਿਚ ਤੀਜਾ, ਜਸਪ੍ਰੀਤ ਕੌਰ ਨੇ 49 ਕਿਲੋ ਭਾਰ ਵਰਗ ਵਿੱਚ ਤੀਜਾ, ਮਧੂ ਨੇ 53 ਕਿਲੋ ਭਾਰ ਵਰਗ ਵਿੱਚ ਦੂਜਾ, ਜਾਨੀਆ ਨੇ 76 ਕਿਲੋ ਭਾਰ ਵਰਗ ਵਿੱਚ ਤੀਜਾ, ਅਮਨਦੀਪ ਨੇ 71 ਕਿਲੋ ਭਾਰ ਵਰਗ ਵਿੱਚ ਤੀਜਾ, ਦੀਕਸਾ ਨੇ 68 ਕਿਲੋ ਭਾਰ ਵਰਗ ਵਿੱਚ ਪਹਿਲਾ, ਡਿੰਪੀ ਨੇ 57 ਕਿਲੋ ਭਾਰ ਵਰਗ ਵਿੱਚ ਤੀਜਾ ਅਤੇ ਪੂਨਮ ਨੇ 57 ਕਿਲੋ ਭਾਰ ਵਰਗ ਵਿੱਚ ਤੀਜਾ ਸਥਾਨ ਹਾਸਲ ਕਰਕੇ ਮੈਡਲ ਪ੍ਰਾਪਤ ਕੀਤੇ। ਟਿੱਬਾ ਨੰਗਲ ਕਾਲਜ ਦੀ ਸਮੁੱਚੀ ਟੀਮ ਨੇ ਇਸ ਮੁਕਾਬਲੇ ਵਿੱਚ ਓਵਰਆਲ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਖੁਸੀ ਦੇ ਮੌਕੇ 'ਤੇ ਸਤਿਗੁਰੂ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਵੱਲੋਂ ਪੁਜੀਸਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਗਈ ਅਤੇ ਭੂਰੀਵਾਲੇ ਟਰੱਸਟ ਦੇ ਸਮੂਹ ਅਹੁਦੇਦਾਰਾਂ ਵੱਲੋਂ ਵੀ ਸਾਰੇ ਵਿਦਿਆਰਥੀਆਂ ਨੂੰ ਵਧਾਈ ਸੰਦੇਸ ਭੇਜੇ ਗਏ। ਕਾਲਜ ਪ੍ਰਿੰਸੀਪਲ ਮੈਡਮ ਨਿਸਾ ਸਰਮਾ ਵੱਲੋਂ ਵੀ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਮੌਜੂਦ ਸੀ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਪੰਜਾਬ ਦਾ ਕਿਸਾਨ ਦੇਸ਼ ਦਾ ਅੰਨਦਾਤਾ, ਕੇਂਦਰ ਸਰਕਾਰ ਵਿਤਕਰੇ ਵਾਲੀ ਨੀਤੀ ਛੱਡ ਕੇ ਕਿਸਾਨਾਂ ਨੂੰ ਦੇਵੇ ਲੋੜੀਂਦੇ ਸਰੋਤ





ਬਲਬੇੜਾ 12 ਨਵੰਬਰ (ਪ.ਪ)-ਹਲਕਾ ਸਨੌਰ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਖੇਤਾਂ ਵਿੱਚ ਜਾ ਕੇ ਪਰਾਲੀ ਦੇ ਸੁਚੱਜੇ ਪ੍ਰਬੰਧਾ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਪਰਾਲੀ ਨੂੰ ਅੱਗ ਲਗਾਏ ਬਿਨਾਂ ਆਧੁਨਿਕ ਮਸ਼ੀਨਰੀ ਨਾਲ ਖੇਤਾਂ ਵਿੱਚ ਹੀ ਸੰਭਾਲਣ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਲਗਾਤਾਰ ਪੰਜਾਬ ਅਤੇ ਪੰਜਾਬ ਦੀ ਕਿਸਾਨੀ ਨਾਲ ਵਿਤਕਰ

ਡਰਾਫਟ ਵੋਟਰ ਸੂਚੀ ਸਬੰਧੀ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

ਡਿਪਟੀ ਕਮਿਸਨਰ ਵੱਲੋਂ ਵੋਟਰ ਸੂਚੀ ਵਿੱਚ ਆਪਣੇ ਨਾਮ ਦੀ ਜਾਂਚ ਕਰਨ ਦੀ ਅਪੀਲ



ਫਰੀਦਕੋਟ, 12 ਨਵੰਬਰ (ਪ.ਪ - ਭਾਰਤ ਚੋਣ ਕਮਿਸਨ ਨਵੀਂ ਦਿੱਲੀ ਵੱਲੋਂ ਪੰਜਾਬ ਵਿੱਚ ਚੱਲ ਰਹੀ ਸਪੈਸਲ ਇੰਟੈਂਸਿਵ ਰਿਵੀਜਨ (ਐੱਸ.ਆਈ.ਆਰ.) ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਯੋਗਤਾ ਮਿਤੀ 01 ਜਨਵਰੀ 2027 ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਵਿਸੇਸ ਸਰਸਰੀ ਸੁਧਾਈ ਸਬੰਧੀ ਡਰਾਫਟ ਵੋਟਰ ਸੂਚੀ ਜਾਰੀ ਕਰ ਦਿੱਤੀ ਗਈ ਹੈ। ਇਸ ਸਬੰਧੀ ਡਿਪਟੀ ਕਮਿਸਨਰ-ਕਮ-ਜ਼ਿਲ੍ਹਾ ਚੋਣ ਅਫਸਰ ਸ੍ਰੀ ਰਾਹੁਲ ਚਾਬਾ, ਆਈ.ਏ.ਐੱਸ. ਵੱਲੋਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸਨ ਦੀਆਂ ਹਦਾਇਤਾਂ ਅਨੁਸਾਰ 12 ਨਵੰਬਰ 2026 ਨੂੰ ਡਰਾਫਟ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸਨਾ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਡਰਾਫਟ ਵੋਟਰ ਸੂਚੀ ਮੁੱਖ ਚੋਣ ਅਫਸਰ, ਪੰਜਾਬ ਦੀ ਅਧਿਕਾਰਤ ਵੈੱਬਸਾਈਟ ://.../ ਤੇ ਉਪਲਬਧ ਹੈ। ਵੋਟਰ ਨਾਗਰਿਕ ਇਸ ਸੂਚੀ ਵਿੱਚ ਆਪਣਾ ਨਾਮ ਸਬੰਧਤ ਚੋਣਕਾਰ ਰਜਿਸਟ੍ਰੇਸਨ ਅਫਸਰਾਂ ਦੇ ਦਫਤਰਾਂ ਜਾਂ ਬੀ.ਐੱਲ.ਓਜ ਪਾਸ ਜਾ ਕੇ ਵੀ ਚੈੱਕ ਕਰ ਸਕਦੇ ਹਨ।

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

ਸ੍ਰੀ ਅਨੰਦਪੁਰ ਸਾਹਿਬ ਬਣਿਆ ਪੰਜਾਬ ਦਾ ਸਭ ਤੋਂ ਸਾਫ-ਸੁਥਰਾ ਸਹਿਰ, ਹਰਜੋਤ ਸਿੰਘ ਬੈਂਸ ਨੇ ਰਾਸਟਰਪਤੀ ਦ੍ਰੌਪਦੀ ਮੁਰਮੂ ਤੋਂ ਰਾਸਟਰੀ ਸਨਮਾਨ ਕੀਤਾ ਪ੍ਰਾਪਤ

☛ ਇਹ ਪੁਰਸਕਾਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸਹੀਦੀ ਦਿਹਾੜੇ ਦੌਰਾਨ ਕੀਤੀ ਸੇਵਾ ਦਾ ਫਲ ਹੈ: ਹਰਜੋਤ ਸਿੰਘ ਬੈਂਸ ☛ ਇਹ ਸਨਮਾਨ ਸ੍ਰੀ ਅਨੰਦਪੁਰ ਸਾਹਿਬ ਦੇ ਹਰੇਕ ਵਾਸੀ, ਸਫਾਈ ਕਰਮਚਾਰੀ, ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਵਲੰਟੀਅਰਾਂ ਦਾ ਹੈ: ਬੈਂਸ



ਚੰਡੀਗੜ੍ਹ/ਨਵੀਂ ਦਿੱਲੀ/ਸ੍ਰੀ ਅਨੰਦਪੁਰ ਸਾਹਿਬ 11 ਨਵੰਬਰ (ਪ.ਪ) - ਪੰਜਾਬ ਲਈ ਇਹ ਬੇਹੱਦ ਮਾਣ ਵਾਲੀ ਗੱਲ ਹੈ ਕਿ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਨੂੰ 'ਸਵੱਛ ਭਾਰਤ ਮਿਸਨ' ਤਹਿਤ "ਪੰਜਾਬ ਦਾ ਸਵੱਛ ਸਹਿਰ" ਐਲਾਨਿਆ ਗਿਆ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਨਵੀਂ ਦਿੱਲੀ ਵਿਖੇ ਭਾਰਤ ਦੇ ਰਾਸਟਰਪਤੀ ਸ੍ਰੀਮਤੀ ਦ੍ਰੌਪਦੀ ਮੁਰਮੂ ਪਾਸੋਂ ਇਹ ਰਾਸਟਰੀ ਸਨਮਾਨ ਪ੍ਰਾਪਤ ਕੀਤਾ। ਸ੍ਰੀ ਅਨੰਦਪੁਰ ਸਾਹਿਬ ਦੀ ਸਥਾਪਨਾ ਕਰਨ ਵਾਲੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਨਮਨ ਕਰਦਿਆਂ, ਹਰਜੋਤ ਸਿੰਘ ਬੈਂਸ ਨੇ ਕਿਹਾ, "ਮੇਰਾ ਮੰਨਣਾ ਹੈ ਕਿ ਇਹ ਪੁਰਸਕਾਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸਹੀਦੀ ਦਿਹਾੜੇ ਦੌਰਾਨ ਕੀਤੀ ਗਈ ਸੇਵਾ ਦਾ ਫਲ ਹੈ। ਇੱਕ ਵਿਧਾਇਕ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਵਜੋਂ, ਮੈਂ ਸ੍ਰੀ ਅਨੰਦਪੁਰ ਸਾਹਿਬ ਦੇ ਵਿਆਪਕ ਵਿਕਾਸ ਲਈ ਵਚਨਬੱਧ ਹਾਂ। ਗੁਰੂ ਸਾਹਿਬ ਦੀ ਅਪਾਰ ਕਿਰਪਾ ਸਦਕਾ ਅੱਜ ਜਦੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਇਹ ਪੁਰਸਕਾਰ ਮਿਲਿਆ ਹੈ ਤਾਂ ਮੈਨੂੰ ਇਸ ਵਿਭਾਗ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ।" ਪੁਰਸਕਾਰ ਸਮਾਰੋਹ ਦੌਰਾਨ ਸ. ਹਰਜੋਤ ਸਿੰਘ ਬੈਂਸ ਦੇ ਨਾਲ 'ਸਵੱਛ ਭਾਰਤ ਮਿਸਨ' ਦੇ ਸਟੇਟ ਮਿਸਨ ਡਾਇਰੈਕਟਰ ਅਤੇ ਪੀ.ਐਮ.ਆਈ.ਡੀ.ਸੀ. ਦੇ ਸੀ.ਈ.ਓ. ਸ੍ਰੀਮਤੀ ਦੀਪਤੀ ਉੱਪਲ ਅਤੇ ਸ੍ਰੀ ਅਨੰਦਪੁਰ ਸਾਹਿਬ ਨਗਰ ਕੌਂਸਲ ਦੇ ਪ੍ਰਧਾਨ ਸ੍ਰੀ ਹਰਜੀਤ ਸਿੰਘ ਜੀਤਾ ਵੀ ਮੌਜੂਦ ਸਨ। ਉਨ੍ਹਾਂ ਨੇ ਇਸ ਪ੍ਰਾਪਤੀ ਦਾ ਸਿਹਰਾ ਪਵਿੱਤਰ ਨਗਰੀ ਵਿੱਚ ਚਲਾਏ ਗਏ ਨਿਰੰਤਰ ਅਤੇ ਲੋਕਾਂ ਦੀ ਭਾਗੀਦਾਰੀ ਵਾਲੇ ਸਫਾਈ ਅਭਿਆਨ ਨੂੰ ਦਿੱਤਾ। ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਦੱਸਿਆ ਕਿ 'ਸਵੱਛ ਸਰਵੇਖਣ' (2025-26) ਦੇ 10ਵੇਂ ਸੰਸਕਰਣ ਵਿੱਚ 4,751 ਤੋਂ ਵੱਧ ਸਹਿਰੀ ਸਥਾਨਕ ਇਕਾਈਆਂ (ਯੂਐਲਬੀਜ) ਨੇ ਹਿੱਸਾ ਲਿਆ ਸੀ, ਜਿਨ੍ਹਾਂ ਵਿੱਚੋਂ 63 ਇਕਾਈਆਂ ਨੂੰ ਸੈਨੀਟੇਸਨ ਦੇ ਖੇਤਰ ਵਿੱਚ ਸਾਨਦਾਰ ਕਾਰਗੁਜਾਰੀ ਲਈ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚੋਂ, ਸ੍ਰੀ ਅਨੰਦਪੁਰ ਸਾਹਿਬ ਨੂੰ ਪੰਜਾਬ ਦੇ ਸਭ ਤੋਂ ਸਵੱਛ ਸਹਿਰ ਵਜੋਂ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ, "ਇਹ ਸਨਮਾਨ ਸ੍ਰੀ ਅਨੰਦਪੁਰ ਸਾਹਿਬ ਦੇ ਹਰ ਇੱਕ ਵਸਨੀਕ, ਸਫਾਈ ਕਰਮਚਾਰੀ, ਕੌਂਸਲਰ ਅਤੇ ਵਲੰਟੀਅਰ ਦਾ ਹੈ, ਜਿਨ੍ਹਾਂ ਨੇ ਸਫਾਈ ਨੂੰ ਇੱਕ ਲੋਕ ਲਹਿਰ ਵਿੱਚ ਬਦਲ ਦਿੱਤਾ।" ਉਨ੍ਹਾਂ ਅੱਗੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਨੂੰ ਦੇਖਦੇ ਹੋਏ, ਜਿੱਥੇ ਦੇਸ-ਵਿਦੇਸ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸੈਲਾਨੀ ਆਉਂਦੇ ਹਨ, ਇਹ ਮਾਨਤਾ ਵਿਸੇਸ ਅਹਿਮੀਅਤ ਰੱਖਦੀ ਹੈ। ਇੱਥੇ ਸੜਕਾਂ, ਜਨਤਕ ਥਾਵਾਂ ਅਤੇ ਆਲੇ-ਦੁਆਲੇ ਦੇ ਖੇਤਰਾਂ ਦੀ ਸਫਾਈ ਨੂੰ ਤਰਜੀਹ ਦਿੱਤੀ ਗਈ ਹੈ ਅਤੇ ਨਾਲ ਹੀ ਲੋਕਾਂ ਵਿੱਚ ਸਫਾਈ ਪ੍ਰਤੀ ਜਾਗਰੂਕਤਾ ਪੈਦਾ ਕਰਨ 'ਤੇ ਵੀ ਜੋਰ ਦਿੱਤਾ ਗਿਆ ਹੈ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਪੁਰਸਕਾਰ ਨਗਰ ਕੌਂਸਲ ਦੀ ਟੀਮ, ਅਧਿਕਾਰੀਆਂ ਅਤੇ ਦਿਨ-ਰਾਤ ਕੰਮ ਕਰਨ ਵਾਲੇ ਸਫਾਈ ਕਰਮਚਾਰੀਆਂ ਦੀ ਸਮਰਪਿਤ ਭਾਵਨਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ, "ਇਹ ਰਾਸਟਰੀ ਮਾਨਤਾ ਸਾਨੂੰ ਸਫਾਈ ਪ੍ਰਣਾਲੀਆਂ ਨੂੰ ਹੋਰ ਮਜਬੂਤ ਕਰਨ, ਵਾਤਾਵਰਣ ਦੀ ਰਾਖੀ ਕਰਨ ਅਤੇ ਇਸ ਪਵਿੱਤਰ ਨਗਰੀ ਦੀ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਪ੍ਰੇਰਿਤ ਕਰੇਗੀ।" ਇਸ ਦਰਜੇ ਨੂੰ ਬਰਕਰਾਰ ਰੱਖਣ ਲਈ ਸਫਾਈ ਨੂੰ ਆਪਣੇ ਰੋਜਾਨਾ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕਰਦਿਆਂ, ਸ. ਬੈਂਸ ਨੇ ਕਿਹਾ ਕਿ ਇਹ ਸਨਮਾਨ ਪੰਜਾਬ ਲਈ ਬੇਹੱਦ ਮਾਣ ਵਾਲੀ ਗੱਲ ਹੈ ਅਤੇ ਇਸ ਗੱਲ ਦਾ ਪ੍ਰਮਾਣ ਵੀ ਹੈ ਕਿ ਸਰਕਾਰ, ਪ੍ਰਸਾਸਨ ਅਤੇ ਆਮ ਲੋਕਾਂ ਦੇ ਸਾਂਝੇ ਯਤਨਾਂ ਸਦਕਾ ਸਾਨਦਾਰ ਨਤੀਜੇ ਹਾਸਲ ਕੀਤੇ ਜਾ ਸਕਦੇ ਹਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਮਾਤਾ ਨੈਣਾ ਦੇਵੀ ਜੀ ਦੇ ਦਰਬਾਰ ਵਿਖੇ ਨਤਮਸਤਕ ਹੋਏ ਜੀਵਨ ਗਰਗ ਅਤੇ ਅਗਰਵਾਲ ਧਰਮਸ਼ਾਲਾ ਦੀ ਪ੍ਰਬੰਧਕੀ ਟੀਮ



ਸਮਾਣਾ 12 ਨਵੰਬਰ (ਪ.ਪ ਅਗਰਵਾਲ ਧਰਮਸ਼ਾਲਾ ਸਮਾਣਾ ਦੇ ਸਾਬਕਾ ਪ੍ਰਧਾਨ ਸ੍ਰੀ ਜੀਵਨ ਗਰਗ ਅਤੇ ਧਰਮਸ਼ਾਲਾ ਦੇ ਮੌਜੂਦਾ ਮੈਂਬਰ ਸਾਹਿਬਾਨ ਮਾਤਾ ਨੈਣਾ ਦੇਵੀ ਜੀ ਦੇ ਦਰਸ਼ਨਾਂ ਲਈ ਪਹੁੰਚੇ। ਇਸ ਮੌਕੇ ਸਮੂਹ ਮੈਂਬਰਾਂ ਨੇ ਮਾਤਾ ਰਾਣੀ ਦੇ ਦਰਬਾਰ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਗਿਸ਼ੂ ਸਿੰਗਲਾ ਕਰਹਾਲੀ, ਨਿਸ਼ਾਤ ਸਿੰਗਲਾ, ਮਨੀਸ਼ ਅਗਰਵਾਲ, ਤਜਿੰਦਰ ਕੁਮਾਰ ਅਤੇ ਗੌਰਵ ਜਿੰਦਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਧਾਰਮਿਕ ਯਾਤਰਾ ਦੌਰਾਨ ਸਾਰਿਆਂ ਨੇ ਮਾਤਾ ਰਾਣੀ ਅੱਗੇ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਲੋਂ 6 ਦਸੰਬਰ ਨੂੰ ਟਾਂਡਾ ਵਿਖੇ ਬੇ.ਗਮਪੁਰਾ ਖਾਲਸਾ ਪੰਥਕ ਕਾਨਫਰੰਸ ਕਰਕੇ ਪੰਜਾਬ ਵਿੱਚ ਚੋਣ ਮੁਹਿੰਮ ਆਗਾਜ਼ ਅਤੇ ਨਸ਼ਿਆ ਵਿਰੁੱਧ ਜਹਾਦ ਛੇੜਿਆ ਜਾਵੇਗਾ - ਸਿਮਰਨਜੀਤ ਸਿੰਘ ਮਾਨ

☛ ਬੇ.ਗਮਪੁਰੇ ਦਾ ਸੰਕਲਪ ਮਨੁੱਖੀ ਬਰਾਬਰੀ ਅਤੇ ਸਨਮਾਨ ਦੀ ਸੋਚ ਨੂੰ ਅੱਗੇ ਵਧਾਉਣ ਵਾਲਾ ਹੈ - ਇਮਾਨ ਸਿੰਘ ਮਾਨ ☛ ਪੰਜਾਬ ਵਾਸੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੂੰ ਜਿਤਾ ਕੇ ਪੰਜਾਬ ਦੀ ਸੇਵਾ ਕਰਨ ਦਾ ਮੌਕਾ ਦੇਣ - ਡਾ. ਹਰਜਿੰਦਰ ਜੱਖੂ



ਫਗਵਾੜਾ / ਕੋਟ ਫਤੂਹੀ, 12 ਨਵੰਬਰ (ਪ.ਪ ਬੱਬਰਾਂ ਦੀ ਇਤਿਹਾਸਕ ਧਰਤੀ ਕੋਟ ਫਤੂਹੀ ਵਿਖੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪਾਰਟੀ ਦੇ ਦੋਆਬਾ ਜੋਨ ਦੇ ਇੰਚਾਰਜ ਤੇ ਮੁੱਖ ਬੁਲਾਰੇ ਡਾ.ਹਰਜਿੰਦਰ ਸਿੰਘ ਜੱਖੂ ਦੀ ਪ੍ਰਧਾਨਗੀ ਹੇਠ ਬੇਗਮਪੁਰਾ ਖਾਲਸਾ ਲਹਿਰ ਤਹਿਤ ਬੇ.ਗਮਪੁਰਾ ਪੰਥਕ ਇਕੱਠ ਕਰਵਾਇਆ ਗਿਆ, ਜਿਸ ਵਿੱਚ ਦੋਆਬਾ ਜੋਨ ਦੇ ਸਮੂਹ ਹਲਕਾ ਇੰਚਾਰਜਾਂ, ਜੋਨ ਕਮੇਟੀਆਂ ਅਤੇ ਪਾਰਟੀ ਦੇ ਵੱਖ-ਵੱਖ ਅਹੁਦੇਦਾਰਾਂ ਨੇ ਸਮੂਲੀਅਤ ਕੀਤੀ। ਇਕੱਠ ਵਿੱਚ ਪਾਰਟੀ ਦੇ ਕੌਮੀ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਅਤੇ ਸ. ਇਮਾਨ ਸਿੰਘ ਮਾਨ ਕਾਰਜਕਾਰਨੀ ਪ੍ਰਧਾਨ ਅਤੇ ਪਾਰਟੀ ਦੇ ਬੁਲਾਰੇ ਤੇ ਦੋਆਬਾ ਜੋਨ ਦੇ ਇੰਚਾਰਜ ਡਾ. ਹਰਜਿੰਦਰ ਸਿੰਘ ਜੱਖੂ ਵਿਸੇਸ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਨੇ ਬੇਗਮਪੁਰਾ ਦੇ ਸੰਕਲਪ ਨੂੰ ਸਮਾਜਿਕ ਬਰਾਬਰੀ, ਮਨੁੱਖੀ ਸਨਮਾਨ ਅਤੇ ਭਾਈਚਾਰਕ ਸਾਂਝ ਨਾਲ ਜੋੜਦਿਆਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਬਰਾਬਰੀ ਅਤੇ ਸਰਬਸਾਂਝੀਵਾਲਤਾ ਦੇ ਸੰਦੇਸ ਨੂੰ ਉਭਾਰਿਆ। ਉਨ੍ਹਾਂ ਦੇ ਵਿਚਾਰਾਂ ਦਾ ਕੇਂਦਰ ਅਜਿਹੇ ਸਮਾਜ ਦੀ ਸਥਾਪਨਾ ਰਿਹਾ, ਜਿੱਥੇ ਕਿਸੇ ਵੀ ਮਨੁੱਖ ਨਾਲ ਜਾਤ-ਪਾਤ, ਉਚ-ਨੀਚ ਜਾਂ ਸਮਾਜਿਕ ਵਿਤਕਰੇ ਦੇ ਆਧਾਰ 'ਤੇ ਭੇਦਭਾਵ ਨਾ ਹੋਵੇ। ਉਨ੍ਹਾਂ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਵਿਚਾਰਾਂ ਦਾ ਜ਼ਿਕਰ ਰਦਿਆਂ ਸਿੱਖਿਆ, ਸਮਾਨਤਾ, ਸੰਵਿਧਾਨਕ ਅਧਿਕਾਰਾਂ ਅਤੇ ਸਮਾਜਿਕ ਨਿਆਂ ਦੀ ਮਹੱਤਤਾ ਨੂੰ ਵੀ ਸਾਹਮਣੇ ਰੱਖਿਆ। ਬੇਗਮਪੁਰਾ ਦਾ ਸੰਕਲਪ ਮਨੁੱਖੀ ਬਰਾਬਰੀ ਅਤੇ ਸਨਮਾਨ ਦੀ ਸੋਚ ਨੂੰ ਅੱਗੇ ਵਧਾਉਣ ਵਾਲਾ ਵਿਚਾਰ ਹੈ। ਇਸ ਮੌਕੇ ਪਾਰਟੀ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਪਾਰਟੀ ਦੇ ਸਿਧਾਂਤਾਂ, ਕੌਮੀ ਹੱਕਾਂ, ਸਮਾਜਿਕ ਨਿਆਂ ਅਤੇ ਪੰਜਾਬ ਦੇ ਭਵਿੱਖ ਨਾਲ ਜੁੜੇ ਮੁੱਦਿਆਂ ਨੂੰ ਅਹਿਮ ਦੱਸਦਿਆਂ ਪਾਰਟੀ ਵਰਕਰਾਂ ਨੂੰ ਜਥੇਬੰਦਕ ਮਜਬੂਤੀ ਅਤੇ ਲੋਕਾਂ ਤੱਕ ਆਪਣੀ ਵਿਚਾਰਧਾਰਾ ਪਹੁੰਚਾਉਣ ਦੀ ਲੋੜ 'ਤੇ ਜੋਰ ਦਿੱਤਾ। ਸ. ਮਾਨ ਨੇ ਕਿਹਾ ਕਿ 6 ਦਸੰਬਰ ਨੂੰ ਟਾਂਡਾ ਦੀ ਦਾਣਾ ਮੰਡੀ ਵਿਖੇ ਬੇਗਮਪੁਰਾ ਖਾਲਸਾ ਪੰਥਕ ਕਾਨਫਰੰਸ ਕਰਕੇ ਆਉਣ ਵਾਲੀਆ ਪੰਜਾਬ ਵਿਧਾਨ ਸਭਾ ਚੋਣਾਂ ਲਈ ਚੋਣ ਮੁਹਿੰਮ ਦਾ ਆਗਾਜ ਅਤੇ ਨਸ਼ਿਆ ਵਿਰੁੱਧ ਜਹਾਦ ਛੇੜਿਆ ਜਾਵੇਗਾ। ਇਸ ਮੌਕੇ ਪਾਰਟੀ ਵੱਲੋਂ ਆਗਾਮੀ ਚੋਣਾਂ ਲਈ ਚੋਣ ਮੈਨੀਫੈਸਟੋ ਅਤੇ ਉਮੀਦਵਾਰਾਂ ਦੇ ਐਲਾਨ ਸਬੰਧੀ ਵੀ ਜਾਣਕਾਰੀ ਦੇਣ ਦੀ ਗੱਲ ਕਹੀ ਗਈ। ਕੋਟ ਫਤੂਹੀ ਦੀ ਧਰਤੀ ਤੋਂ ਬੇਗਮਪੁਰਾ, ਸਮਾਜਿਕ ਬਰਾਬਰੀ ਅਤੇ ਲੋਕ ਹੱਕਾਂ ਦਾ ਸੁਨੇਹਾ ਦੇਣ ਦੇ ਨਾਲ ਪਾਰਟੀ ਵੱਲੋਂ ਦੋਆਬਾ ਖੇਤਰ ਵਿੱਚ ਆਪਣੀਆਂ ਜਥੇਬੰਦਕ ਸਰਗਰਮੀਆਂ ਨੂੰ ਅੱਗੇ ਵਧਾਉਣ ਦਾ ਸੰਕੇਤ ਦਿੱਤਾ ਗਿਆ। ਇਸ ਮੌਕੇ ਪਾਰਟੀ ਦੇ ਬੁਲਾਰੇ ਅਤੇ ਦੋਆਬਾ ਜੋਨ ਦੇ ਇੰਚਾਰਜ ਡਾ. ਹਰਜਿੰਦਰ ਸਿੰਘ ਜੱਖੂ ਨੇ ਜਿੱਥੇ ਸਟੇਜ ਦਾ ਸੰਚਾਲਨ ਬਾਖੂਬੀ ਨਿਭਾਇਆ ਉੱਥੇ ਹੀ ਉਹਨਾਂ ਬੱਬਰਾ ਦੀ ਧਰਤੀ ਪਿੰਡ ਕੋਟਫਤੂਹੀ ਦੀ ਸਟੇਜ ਤੋਂ ਬੇਗਮਪੁਰਾ ਖਾਲਸਾ ਲਹਿਰ ਦੀ ਸਫਲਤਾ ਲਈ ਇਕਜੁੱਟ ਹੋ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਮੌਕੇ ਡਾ.ਹਰਜਿੰਦਰ ਸਿੰਘ ਜੱਖੂ ਨੇ ਪੰਜਾਬ ਵਾਸੀਆ ਨੂੰ ਅਪੀਲ ਕੀਤੀ ਕਿ ਪੰਜਾਬ ਅਤੇ ਪੰਥ ਦੀ ਚੜਦੀ ਕਲਾ ਲਈ 2027 ਦੀਆ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੂੰ ਜਿਤਾ ਕੇ ਪੰਜਾਬ ਦੀ ਸੇਵਾ ਕਰਨ ਦਾ ਮੌਕਾ ਦੇਣ। ਇਸ ਮੌਕੇ ਜ਼ਿਲ੍ਹਾਂ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ, ਗੁਰਦੀਪ ਸਿੰਘ ਸਿੰਘ ਖੁਣਖੁਣ, ਬੀਬੀ ਮਨਜੀਤ ਕੌਰ ਖਾਲਸਾ, ਬੀਬੀ ਸੁਖਜੀਤ ਕੌਰ ਭਬਿਆਣਾ, ਮੁਖਤਿਆਰ ਸਿੰਘ ਸੋਢੀ, ਪਰਮਿੰਦਰ ਸਿੰਘ ਖਾਲਸਾ, ਸਰਬਜੀਤ ਸਿੰਘ ਖਾਲਸਾ, ਕੁਲਵੀਰ ਸਿੰਘ ਗੜ੍ਹਸੰਕਰ, ਪ੍ਰਿੰਸੀਪਲ ਗੁਰਨਾਮ ਸਿੰਘ ਹੁਸ਼ਿਆਰਪੁਰ, ਇੰਜ.ਹੈਪੀ ਕੌਲ ਇੰਚਾਰਜ ਵਿਧਾਨ ਸਭਾ ਹਲਕਾ ਫਗਵਾੜਾ, ਜਗਦੀਸ ਸਿੰਘ ਚੱਬੇਵਾਲ, ਹਰਵਿੰਦਰ ਸਿੰਘ ਹੀਰਾ, ਦਵਿੰਦਰ ਸਿੰਘ ਖਾਲਸਾ, ਬੀਬੀ ਰਾਜਵਿੰਦਰ ਕੌਰ, ਹੈੱਡ ਮਾਸਟਰ ਜਰਨੈਲ ਸਿੰਘ ਧੀਰ, ਚਰਨਵਰਿੰਦਰ ਸਿੰਘ, ਹਰਪ੍ਰੀਤ ਸਿੰਘ ਲਾਲੀ, ਨਵਤੇਜ ਸਿੰਘ ਧਾਮੀ, ਬੂਟਾ ਸਿੰਘ ਸਿੰਗੜੀਵਾਲਾ, ਅਕਬਰ ਸਿੰਘ ਬੂਰੇਜੱਟਾਂ, ਪਰਮਜੀਤ ਸਿੰਘ ਮੋਗੋਵਾਲ ਦੁਆਬਾ, ਮਾ.ਕੁਲਦੀਪ ਸਿੰਘ ਮਸੀਤੀ, ਗੁਰਬਿੰਦਰ ਸਿੰਘ ਮਿਆਣੀ, ਬਲਜਿੰਦਰ ਸਿੰਘ ਜੌਹਲ, ਅਮਨਦੀਪ ਸਿੰਘ ਜੌਹਲ, ਜਸਵੰਤ ਸਿੰਘ ਫੌਜੀ, ਕੁਲਵੰਤ ਸਿੰਘ ਲਾਲਪੁਰ ਭਾਣਾ, ਨੰਬਰਦਾਰ ਪਿਸੋਰਾ ਸਿੰਘ, ਕੁਲਦੀਪ ਸਿੰਘ ਗੜ੍ਹਸੰਕਰ, ਮਲਕੀਤ ਸਿੰਘ ਲਾਲਪੁਰ ਭਾਣਾ, ਮਿੰਟੂ ਮੋਨਾਕਲਾਂ, ਇੰਦਰਜੀਤ ਸਿੰਘ ਬੱਸੀਮਰੂਫ, ਵਰਿੰਦਰ ਸਿੰਘ ਹਾਰਟਾ, ਸਤਨਾਮ ਸਿੰਘ ਠੱਕਰਵਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਇਨਸਾਫ ਪਸੰਦ ਲੋਕ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਪਲਾਸਟਿਕ ਮੁਕਤ ਮਿ

ਮੁਫਤ ਨੀਟ ਅਤੇ ਆਈ.ਆਈ.ਟੀ. ਦੀ ਤਿਆਰੀ ਲਈ ਭਾਈ ਜੈਤਾ ਜੀ ਫਾਊਂਡੇਸ਼ਨ ਵੱਲੋਂ ਅਰਜ਼ੀਆਂ ਦੀ ਮੰਗ

30 ਨਵੰਬਰ ਤੱਕ ਭਰੇ ਜਾ ਸਕਣਗੇ ਦਰਖ਼ਾਸਤ ਫਾਰਮ, ਪੜ੍ਹਾਈ, ਰਿਹਾਇਸ਼ ਅਤੇ ਖਾਣੇ ਦਾ ਸਾਰਾ ਖ਼ਰਚਾ ਸੰਸਥਾ ਕਰੇਗੀ- ਹਰਵਿੰਦਰ ਸਿੰਘ ਮਰਵਾਹਾ



ਸਾਦਿਕ, 12 ਨਵੰਬਰ (ਪ . ਪ) ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਵੱਲੋਂ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਡਾਕਟਰੀ ਅਤੇ ਇੰਜੀਨੀਅਰਿੰਗ ਦੀ ਪੜ੍ਹਾਈ ਕਰਵਾਉਣ ਦੇ ਉਦੇਸ਼ ਨਾਲ ਨੀਟ ਅਤੇ ਆਈ.ਆਈ.ਟੀ. ਦੀ ਮੁਫ਼ਤ ਤਿਆਰੀ ਲਈ ਦਰਖ਼ਾਸਤਾਂ ਦੀ ਮੰਗ ਕੀਤੀ ਗਈ ਹੈ। ਸ੍ਰੀ ਹਰਪਾਲ ਸਿੰਘ ਮੈਨੇਜਿੰਗ ਟਰੱਸਟੀ, ਡਾਕਟਰ ਬੀ.ਐਨ.ਐਸ. ਵਾਲੀਆ ਅਤੇ ਕੁਲਮੀਤ ਸਿੰਘ ਅਮਰੀਕਾ ਦੀ ਯੋਗ ਅਗਵਾਈ ਹੇਠ ਚੱਲ ਰਹੀ ਸੰਸਥਾ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵਡਮੁੱਲੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਫਾਊਂਡੇਸ਼ਨ ਦੇ ਫ਼ਰੀਦਕੋਟ ਕੋਆਰਡੀਨੇਟਰ ਹਰਵਿੰਦਰ ਸਿੰਘ ਮਰਵਾਹਾ ਨੇ ਦੱਸਿਆ ਕਿ ਸੰਸਥਾ ਵੱਲੋਂ ਚਲਾਏ ਜਾ ਰਹੇ 'ਸੁਪਰ ਫੋਰਟੀ' ਪ੍ਰੋਗਰਾਮ ਤਹਿਤ ਇਸ ਸਮੇਂ ਦਸਵੀਂ ਜਮਾਤ ਵਿੱਚ ਪੜ੍ਹ ਰਹੇ ਲੋੜਵੰਦ ਅਤੇ ਹੋਣਹਾਰ ਵਿਦਿਆਰਥੀ ਦਾਖ਼ਲਾ ਪ੍ਰੀਖਿਆ ਦੇ ਸਕਦੇ ਹਨ। ਚੁਣੇ ਗਏ ਵਿਦਿਆਰਥੀਆਂ ਦੀ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੀ ਪੜ੍ਹਾਈ ਚੰਡੀਗੜ੍ਹ ਵਿਖੇ ਮੈਡੀਕਲ ਅਤੇ ਨਾਨ-ਮੈਡੀਕਲ ਵਿਸ਼ਿਆਂ ਵਿੱਚ ਕਰਵਾਈ ਜਾਂਦੀ ਹੈ। ਇਸ ਦੇ ਨਾਲ ਹੀ ਦੋ ਸਾਲ ਤੱਕ ਨੀਟ ਅਤੇ ਜੇ.ਈ.ਈ. ਦੀ ਤਿਆਰੀ ਵੀ ਮੁਫ਼ਤ ਕਰਵਾਈ ਜਾਂਦੀ ਹੈ। ਵਿਦਿਆਰਥੀਆਂ ਦੀ ਪੜ੍ਹਾਈ, ਰਿਹਾਇਸ਼ ਅਤੇ ਖਾਣੇ ਦਾ ਸਾਰਾ ਖ਼ਰਚਾ ਸੰਸਥਾ ਵੱਲੋਂ ਕੀਤਾ ਜਾਂਦਾ ਹੈ। ਉਹਨਾਂ ਦੱਸਿਆ ਕਿ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਬੱਚਿਆਂ ਨੂੰ ਦਾਖ਼ਲਾ ਦਿਵਾਉਣ ਲਈ ਫ਼ਰੀਦਕੋਟ ਡਵੀਜ਼ਨ ਵਿੱਚ 14 ਮੁਫ਼ਤ ਪੜ੍ਹਾਈ ਕੇਂਦਰ ਚਲਾਏ ਜਾ ਰਹੇ ਹਨ। ਇਨ੍ਹਾਂ ਕੇਂਦਰਾਂ ਰਾਹੀਂ ਹੁਣ ਤੱਕ 2500 ਤੋਂ ਵੱਧ ਬੱਚਿਆਂ ਨੂੰ ਜਵਾਹਰ ਨਵੋਦਿਆ ਸਕੂਲਾਂ ਵਿੱਚ ਦਾਖ਼ਲਾ ਦਿਵਾਇਆ ਜਾ ਚੁੱਕਾ ਹੈ। ਜਸਵਿੰਦਰ ਸਿੰਘ ਪਸਗੀਚਾ ਨੇ ਦੱਸਿਆ ਕਿ ਫਾਊਂਡੇਸ਼ਨ ਦੇ ਯਤਨਾਂ ਸਦਕਾ ਹੁਣ ਤੱਕ 500 ਤੋਂ ਵੱਧ ਵਿਦਿਆਰਥੀ ਐੱਮ.ਬੀ.ਬੀ.ਐੱਸ. ਅਤੇ ਆਈ.ਆਈ.ਟੀ. ਸਮੇਤ ਸਰਕਾਰੀ ਅਤੇ ਨਾਮਵਰ ਕਾਲਜਾਂ ਵਿੱਚ ਦਾਖ਼ਲਾ ਹਾਸਲ ਕਰ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸਾਲ 2027-2029 ਦੇ ਨਵੇਂ ਬੈਚ ਵਿੱਚ ਦਾਖ਼ਲੇ ਲਈ 30 ਨਵੰਬਰ 2026 ਤੱਕ ਦਰਖ਼ਾਸਤਾਂ ਭਰੀਆਂ ਜਾ ਸਕਦੀਆਂ ਹਨ। ਚਾਹਵਾਨ ਵਿਦਿਆਰਥੀ ਭਾਈ ਜੈਤਾ ਜੀ ਫਾਊਂਡੇਸ਼ਨ ਦੀ ਵੈੱਬਸਾਈਟ ਬੀਜੇਐਫਇੰਡੀਆ ਰਾਹੀਂ ਫਾਰਮ ਭਰ ਸਕਦੇ ਹਨ। ਵਧੇਰੇ ਜਾਣਕਾਰੀ ਲਈ 99881-45499 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਦਾਦੀ ਜੀ ਦੀਆਂ ਅੰਤਿਮ ਰਸਮਾਂ 'ਚ ਸ਼ਾਮਲ ਹੋਣ ਲਈ ਪੈਰੋਲ ਦਿੱਤੀ ਜਾਵੇ : ਭਾਈ ਸਰਬਜੀਤ ਸਿੰਘ ਖਾਲਸਾ

ਰਾਸ਼ਟਰਪਤੀ ਅਤੇ ਲੋਕ ਸਭਾ ਸਪੀਕਰ ਨੂੰ ਪੱਤਰ ਲਿਖ ਕੇ ਮਨੁੱਖੀ ਆਧਾਰ 'ਤੇ ਮਾਮਲੇ 'ਤੇ ਹਮਦਰਦੀ ਨਾਲ ਵਿਚਾਰ ਕਰਨ ਦੀ ਮੰਗ ਕੀਤੀ



ਫਰੀਦਕੋਟ, 12 ਨਵੰਬਰ (ਪ . ਪ) - ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰਧਾਨ ਅਤੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਉਨ੍ਹਾਂ ਦੀ ਦਾਦੀ ਮਾਤਾ ਚਰਨ ਕੌਰ ਦੇ ਅੰਤਿਮ ਸੰਸਕਾਰ ਅਤੇ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਲਈ ਪੈਰੋਲ ਦੇਣ ਦੀ ਮੰਗ ਉੱਠੀ ਹੈ। ਇਸ ਸਬੰਧੀ ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਨੇ ਦੇਸ਼ ਦੇ ਰਾਸ਼ਟਰਪਤੀ ਅਤੇ ਲੋਕ ਸਭਾ ਦੇ ਸਪੀਕਰ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਨੂੰ ਮਨੁੱਖੀ, ਪਰਿਵਾਰਕ ਅਤੇ ਭਾਵਨਾਤਮਕ ਪੱਖ ਤੋਂ ਦੇਖਦਿਆਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪੈਰੋਲ ਦੇਣ ਲਈ ਲੋੜੀਂਦੀ ਕਾਨੂੰਨੀ ਪ੍ਰਕਿਰਿਆ ਅਪਣਾਈ ਜਾਵੇ। ਭਾਈ ਸਰਬਜੀਤ ਸਿੰਘ ਖਾਲਸਾ ਵੱਲੋਂ ਕੀਤੀ ਗਈ ਅਪੀਲ ਵਿੱਚ ਕਿਹਾ ਗਿਆ ਹੈ ਕਿ ਮਾਤਾ ਚਰਨ ਕੌਰ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਵੱਡਾ ਸਦਮਾ ਪਹੁੰਚਿਆ ਹੈ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ, ਜਿਸ ਕਾਰਨ ਉਹ ਆਪਣੇ ਪਰਿਵਾਰ ਦੇ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਨਹੀਂ ਹੋ ਸਕਦੇ। ਅਜਿਹੇ ਸਮੇਂ ਵਿੱਚ ਉਨ੍ਹਾਂ ਨੂੰ ਆਪਣੀ ਦਾਦੀ ਜੀ ਦੇ ਅੰਤਿਮ ਦਰਸ਼ਨ ਕਰਨ, ਅੰਤਿਮ ਸੰਸਕਾਰ ਅਤੇ ਪਰਿਵਾਰਕ ਰਸਮਾਂ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਲਈ ਆਪਣੇ ਪਰਿਵਾਰ ਦੇ ਕਿਸੇ ਬਜ਼ੁਰਗ ਮੈਂਬਰ ਦੇ ਵਿਛੋੜੇ ਸਮੇਂ ਉਸ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣਾ ਬੇਹੱਦ ਭਾਵਨਾਤਮਕ ਅਤੇ ਮਨੁੱਖੀ ਮਹੱਤਵ ਰੱਖਦਾ ਹੈ। ਇਹ ਮਾਮਲਾ ਕਿਸੇ ਸਿਆਸੀ ਸਰਗਰਮੀ ਜਾਂ ਸਿਆਸੀ ਮੰਗ ਨਾਲੋਂ ਵਧ ਕੇ ਪਰਿਵਾਰਕ ਸੰਵੇਦਨਾਵਾਂ ਅਤੇ ਮਨੁੱਖੀ ਹਮਦਰਦੀ ਨਾਲ ਜੁੜਿਆ ਹੋਇਆ ਹੈ। ਇਸ ਲਈ ਸਬੰਧਤ ਅਧਿਕਾਰੀਆਂ ਨੂੰ ਲਾਗੂ ਕਾਨੂੰਨੀ ਪ੍ਰਕਿਰਿਆ ਅਤੇ ਨਿਯਮਾਂ ਅਨੁਸਾਰ ਪੈਰੋਲ ਦੇਣ ਦੀ ਸੰਭਾਵਨਾ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਨੇ ਰਾਸ਼ਟਰਪਤੀ ਅਤੇ ਲੋਕ ਸਭਾ ਸਪੀਕਰ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿੱਚ ਸਬੰਧਤ ਸਰਕਾਰੀ ਅਧਿਕਾਰੀਆਂ ਕੋਲ ਲੋੜੀਂਦੀ ਕਾਰਵਾਈ ਲਈ ਪਹੁੰਚ ਕਰਨ, ਤਾਂ ਜੋ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੀ ਦਾਦੀ ਜੀ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲ ਸਕੇ। ਇਸ ਸਬੰਧੀ ਜਾਣਕਾਰੀ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਦੇ ਸਿਆਸੀ ਸਲਾਹਕਾਰ ਭਾਈ ਦਲੇਰ ਸਿੰਘ ਡੋਡ ਨੇ ਦਿੰਦਿਆਂ ਕਿਹਾ ਕਿ ਪਰਿਵਾਰ ਦੇ ਇਸ ਦੁੱਖ ਦੀ ਘੜੀ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੇ ਪਰਿਵਾਰ ਨਾਲ ਰਹਿਣ ਦਾ ਮੌਕਾ ਮਿਲਣਾ ਚਾਹੀਦਾ ਹੈ ਅਤੇ ਇਸ ਮੰਗ ਨੂੰ ਮਨੁੱਖੀ ਆਧਾਰ 'ਤੇ ਵਿਚਾਰਿਆ ਜਾਣਾ ਚਾਹੀਦਾ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਐਮਪੀ ਭਾਈ ਸਰਬਜੀਤ ਸਿੰਘ ਖਾਲਸਾ ਵੱਲੋਂ ਪਿੰਡ ਸਾਦਿਕ ਪੰਚਾਇਤ ਨੂੰ ਦਿੱਤੇ ਚਾਰ ਕੂੜਾਦਾਨ ਦਾ ਉਦਘਾਟਨ ਭਾਈ ਦਲੇਰ ਸਿੰਘ ਡੋਡ ਨੇ ਕੀਤਾ

ਭਾਈ ਸਰਬਜੀਤ ਸਿੰਘ ਖਾਲਸਾ ਨੇ ਹੁਣ ਤੱਕ ਸਭ ਤੋਂ ਵੱਧ ਗ੍ਰਾਂਟਾਂ ਵਿਕਾਸ ਕਾਰਜਾ ਲਈ ਦਿੱਤੀਆ - ਭਾਈ ਦਲੇਰ ਸਿੰਘ ਡੋਡ



ਸਾਦਿਕ 12 ਨਵੰਬਰ (ਪ . ਪ) ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਪਿੰਡ ਸਾਦਿਕ ਦੀ ਮੰਗ ਨੂੰ ਮੁੱਖ ਰੱਖਦਿਆਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖਾਲਸਾ ਵੱਲੋਂ ਸਾਦਿਕ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਦੇ ਮਕਸਦ ਨਾਲ ਚਾਰ ਕੂੜਾ ਸੰਭਾਲਣ ਵਾਲੇ ਡੰਪ ਦਿੱਤੇ ਗਏ। ਅੱਜ ਭਾਈ ਦਲੇਰ ਸਿੰਘ ਡੋਡ ਵੱਲੋਂ ਰਿਬਨ ਕੱਟ ਕੇ ਇਹ ਡੰਪ ਗ੍ਰਾਮ ਪੰਚਾਇਤ ਨੂੰ ਸੌਂਪੇ ਗਏ। ਇਸ ਮੌਕੇ ਭਾਈ ਦਲੇਰ ਸਿੰਘ ਡੋਡ ਨੇ ਕਿਹਾ ਕਿ ਆਪਣੇ ਪਿੰਡ, ਸ਼ਹਿਰ ਅਤੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਸੁੰਦਰ ਰੱਖਣਾ ਸਾਡੀ ਸਾਰਿਆਂ ਦੀ ਮੁੱਢਲੀ ਜ਼ਿੰਮੇਵਾਰੀ ਹੈ। ਸਾਨੂੰ ਵੱਧ ਤੋਂ ਵੱਧ ਦਰੱਖਤ ਲਗਾਉਣੇ ਚਾਹੀਦੇ ਹਨ ਅਤੇ ਪਿੰਡ ਦੇ ਵਿਕਾਸ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਸਾਦਿਕ ਨਿਵਾਸੀਆਂ ਦੀ ਮੰਗ 'ਤੇ ਭਾਈ ਸਰਬਜੀਤ ਸਿੰਘ ਜੀ ਖਾਲਸਾ ਵੱਲੋਂ ਦਿੱਤੇ ਗਏ ਇਹ ਚਾਰ ਡੰਪ ਸਫ਼ਾਈ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਵਿੱਚ ਸਹਾਈ ਹੋਣਗੇ। ਉਨ੍ਹਾਂ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖਾਲਸਾ ਵੱਲੋਂ ਲੋਕ ਸਭਾ ਹਲਕੇ ਦੇ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੇ ਯਤਨਾਂ ਸਦਕਾ ਹੁਣ ਤੱਕ ਸਭ ਤੋਂ ਵੱਧ ਗ੍ਰਾਂਟਾਂ ਵੰਡੀਆਂ ਗਈਆਂ ਹਨ। ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਕਰੀਬ 35 ਤੋਂ 40 ਸੜਕਾਂ ਬਣ ਚੁੱਕੀਆਂ ਹਨ ਅਤੇ ਕਈ ਸੜਕਾਂ ਦਾ ਕੰਮ ਜਾਰੀ ਹੈ। ਇਸ ਤੋਂ ਇਲਾਵਾ ਪਿੰਡਾਂ ਵਿੱਚ ਪੀਣ ਵਾਲੇ ਸਾਫ਼ ਪਾਣੀ ਲਈ ਪਾਣੀ ਦੀਆਂ ਟੈਂਕੀਆਂ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਿੰਮ, ਲਾਇਬ੍ਰੇਰੀਆਂ, ਸਕੂਲਾਂ ਵਿੱਚ ਬੱਚਿਆਂ ਲਈ ਸਾਫ਼ ਪਾਣੀ ਵਾਸਤੇ ਆਰ.ਓ. ਸਿਸਟਮ, ਸਮਾਰਟ ਕਲਾਸ ਰੂਮ, ਇੰਟਰਐਕਟਿਵ ਪੈਨਲ, ਮਿਡ-ਡੇ-ਮੀਲ ਦੇ ਸ਼ੈੱਡ, ਪਿੰਡਾਂ ਵਿੱਚ ਬੱਸ ਸਟੈਂਡ, ਸਿਵਲ ਹਸਪਤਾਲ ਅਤੇ ਵੱਖ-ਵੱਖ ਖੇਡ ਗਰਾਊਂਡਾਂ ਲਈ ਵੀ ਗ੍ਰਾਂਟਾਂ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਸਿਰਫ਼ ਵਿਕਾਸ ਕਾਰਜ ਕਰਵਾਉਣਾ ਹੀ ਨਹੀਂ, ਸਗੋਂ ਲੋਕਾਂ ਨੂੰ ਆਪਣੇ ਪਿੰਡਾਂ ਅਤੇ ਸ਼ਹਿਰਾਂ ਦੀ ਸਾਂਭ-ਸੰਭਾਲ ਲਈ ਵੀ ਜਾਗਰੂਕ ਕਰਨਾ ਹੈ। ਸਾਫ਼-ਸੁਥਰਾ ਵਾਤਾਵਰਨ ਹੀ ਤੰਦਰੁਸਤ ਸਮਾਜ ਦੀ ਨਿਸ਼ਾਨੀ ਹੈ। ਇਸ ਮੌਕੇ ਬਾਬਾ ਜਸਵਿੰਦਰ ਸਿੰਘ ਜੀ ਸਾਦਿਕ, ਜਗਦੀਸ਼ ਸਿੰਘ ਦੀਸ਼ਾ ਸਰਪੰਚ, ਸੂਬੇਦਾਰ ਹਰਬੰਸ ਸਿੰਘ ਸਰਕਲ ਪ੍ਰਧਾਨ, ਭਾਊ ਕਸ਼ਮੀਰ ਸਿੰਘ, ਦਦਾਰ ਸਿੰਘ, ਲੱਖਾ ਸਿੰਘ, ਸਰਦਾਰ ਨਿਰਮਲ ਸਿੰਘ, ਗੁਰਮੇਲ ਸਿੰਘ ਬਰਾੜ, ਸੁਖਪ੍ਰੀਤ ਸਿੰਘ, ਦੀਪਾ ਸਿੰਘ ਅਮਨਦੀਪ ਸਿੰਘ ਬਰਾੜ ਰਾਜਾ ਢਿੱਲੋ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਜਨਗਣਨਾ-2027 ਦੀਆਂ ਤਿਆਰੀਆਂ ਮੁਕੰਮਲ, ਡਿਊਟੀ 'ਤੇ ਤਾਇਨਾਤ ਸਾਰੇ ਸਰਕਾਰੀ ਕਰਮਚਾਰੀਆਂ ਨੂੰ ਨਿਯੁਕਤੀ ਅਤੇ ਪਛਾਣ ਪੱਤਰ ਵੰਡੇ: ਵਧੀਕ ਡਿਪਟੀ ਕਮਿਸਨਰ

☛ 16 ਨਵੰਬਰ ਤੋਂ 30 ਨਵੰਬਰ ਤੱਕ ਹੋਵੇਗੀ ਸਵੈ-ਜਨਗਣਨਾ; 1 ਦਸੰਬਰ ਤੋਂ 4 ਜਨਵਰੀ 2027 ਤੱਕ ਕਰਮਚਾਰੀ ਘਰ-ਘਰ ਜਾ ਕੇ ਕਰਨਗੇ ਜਨਗਣਨਾ ☛ ਕਿਸੇ ਵੀ ਕਰਮਚਾਰੀ ਦੀ ਡਿਊਟੀ ਨਾ ਕੱਟੀ ਜਾਵੇਗੀ ਅਤੇ ਨਾ ਹੀ ਬਦਲੀ ਜਾਵੇਗੀ: ਪਲਵੀ ਮਿਸਰਾ



ਅੰਮ੍ਰਿਤਸਰ, 12 ਨਵੰਬਰ (ਪ . ਪ)- ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਨੂੰ ਸੁਚਾਰੂ, ਸਮਾਂਬੱਧ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਧੀਕ ਡਿਪਟੀ ਕਮਿਸਨਰ ਸ੍ਰੀਮਤੀ ਪਲਵੀ ਮਿਸਰਾ ਵੱਲੋਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸੇਸ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜਨਗਣਨਾ ਦੀਆਂ ਤਿਆਰੀਆਂ, ਕਰਮਚਾਰੀਆਂ ਦੀ ਤਾਇਨਾਤੀ, ਸਿਖਲਾਈ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਦਾ ਜਾਇਜਾ ਲਿਆ ਗਿਆ। ਵਧੀਕ ਡਿਪਟੀ ਕਮਿਸਨਰ ਨੇ ਦੱਸਿਆ ਕਿ ਜਨਗਣਨਾ ਦੇ ਕੰਮ ਲਈ ਤਾਇਨਾਤ ਕੀਤੇ ਗਏ ਸਾਰੇ ਸਰਕਾਰੀ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਅਤੇ ਪਛਾਣ ਪੱਤਰ ਵੰਡ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ 16 ਨਵੰਬਰ 2026 ਤੋਂ ਸਵੈ-ਜਨਗਣਨਾ ਦੀ ਪ੍ਰਕਿਰਿਆ ਸ਼ੁਰੂ ਹੋਵੇਗੀ, ਜਿਸ ਤਹਿਤ ਲੋਕ ਨਿਰਧਾਰਤ ਪੋਰਟਲ ਰਾਹੀਂ ਆਪਣੇ ਪਰਿਵਾਰ ਦੀ ਜਨਗਣਨਾ ਖੁਦ ਕਰ ਸਕਣਗੇ। ਸਵੈ-ਜਨਗਣਨਾ ਦੀ ਇਹ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ 1 ਦਸੰਬਰ 2026 ਤੋਂ ਘਰ-ਘਰ ਜਾ ਕੇ ਜਨਗਣਨਾ ਦਾ ਕੰਮ ਸ਼ੁਰੂ ਕੀਤਾ ਜਾਵੇਗਾ, ਜੋ 4 ਜਨਵਰੀ 2027 ਤੱਕ ਚੱਲੇਗਾ। ਇਸ ਕੰਮ ਲਈ ਤਾਇਨਾਤ ਸਾਰੇ ਕਰਮਚਾਰੀ ਨਿਰਧਾਰਤ ਸਮਾਂ-ਸਾਰਣੀ ਅਨੁਸਾਰ ਘਰਾਂ ਦਾ ਦੌਰਾ ਕਰਨਗੇ ਅਤੇ ਜਨਗਣਨਾ ਸਬੰਧੀ ਜਾਣਕਾਰੀ ਇਕੱਤਰ ਕਰਨਗੇ। ਉਨ੍ਹਾਂ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਨਿਰਧਾਰਤ ਦਿਸਾ-ਨਿਰਦੇਸਾਂ ਅਨੁਸਾਰ ਆਪਣੀਆਂ ਜਿੰਮੇਵਾਰੀਆਂ ਪੂਰੀ ਤਨਦੇਹੀ ਨਾਲ ਨਿਭਾਉਣ। ਵਧੀਕ ਡਿਪਟੀ ਕਮਿਸਨਰ ਨੇ ਸਪੱਸਟ ਕੀਤਾ ਕਿ ਜਨਗਣਨਾ ਡਿਊਟੀ ਲਈ ਤਾਇਨਾਤ ਕਿਸੇ ਵੀ ਸਰਕਾਰੀ ਕਰਮਚਾਰੀ ਦੀ ਡਿਊਟੀ ਨਾ ਤਾਂ ਕੱਟੀ ਜਾਵੇਗੀ ਅਤੇ ਨਾ ਹੀ ਬਦਲੀ ਜਾਵੇਗੀ। ਸਾਰੇ ਕਰਮਚਾਰੀ ਪਹਿਲਾਂ ਤੋਂ ਨਿਰਧਾਰਤ ਡਿਊਟੀ ਅਨੁਸਾਰ ਹੀ ਆਪਣਾ ਕੰਮ ਕਰਨਗੇ, ਤਾਂ ਜੋ ਜਨਗਣਨਾ ਦੀ ਸਮੁੱਚੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਨਗਣਨਾ ਵਰਗੇ ਮਹੱਤਵਪੂਰਨ ਰਾਸਟਰੀ ਕਾਰਜ ਵਿੱਚ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਜਾਂ ਬੇਲੋੜੀ ਦੇਰੀ ਬਰਦਾਸਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਨਗਣਨਾ ਡਿਊਟੀ 'ਤੇ ਤਾਇਨਾਤ ਅਧਿਕਾਰੀ ਅਤੇ ਕਰਮਚਾਰੀ ਬਿਨਾਂ ਅਗਾਊਂ ਪ੍ਰਵਾਨਗੀ ਤੋਂ ਛੁੱਟੀ ਨਾ ਲੈਣ ਅਤੇ ਨਿਰਧਾਰਤ ਸਮਾਂ-ਸੀਮਾ ਦੀ ਸਖਤੀ ਨਾਲ ਪਾਲਣਾ ਕਰਨ। ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਬਣਾਈ ਰੱਖਣ ਅਤੇ ਸੌਂਪੀਆਂ ਗਈਆਂ ਜਿੰਮੇਵਾਰੀਆਂ ਪੂਰੀ ਤਨਦੇਹੀ ਨਾਲ ਨਿਭਾਉਣ ਦੇ ਨਿਰਦੇਸ ਵੀ ਦਿੱਤੇ। ਉਨ੍ਹਾਂ ਕਿਹਾ ਕਿ ਜਨਗਣਨਾ ਰਾਹੀਂ ਇਕੱਤਰ ਕੀਤੇ ਜਾ

ਬਟਾਲਾ ਵਿੱਚ ਦਿਲ ਦੇ ਰੋਗਾਂ ਦੀ ਜਾਂਚ ਤੇ ਇਲਾਜ ਦੀ ਸਹੂਲਤ ਦੇ ਰਿਹਾ ਈਐਮਸੀ ਹਸਪਤਾਲ

ਜਲੰਧਰ ਰੋਡ ਸਥਿਤ ਹਸਪਤਾਲ ਵਿੱਚ ਕੈਥ ਲੈਬ ਤੇ ਡੀਐੱਮ ਕਾਰਡੀਓਲੋਜਿਸਟ ਦੀਆਂ ਸੇਵਾਵਾਂ, ਲੋੜ ਪੈਣ 'ਤੇ ਸਟੈਂਟ ਅਤੇ ਪੇਸਮੇਕਰ ਲਗਾਉਣ ਦੀ ਸਹੂਲਤ

ਬਟਾਲਾ, 12 ਨਵੰਬਰ(ਪ . ਪ) - ਜਲੰਧਰ ਰੋਡ 'ਤੇ ਬੇਰਿੰਗ ਕਾਲਜ ਦੇ ਸਾਹਮਣੇ ਸਥਿਤ ਈਐੱਮਸੀ ਸੁਪਰ ਸਪੈਸਲਿਟੀ ਹਸਪਤਾਲ, ਬਟਾਲਾ ਵਿਖੇ ਦਿਲ ਦੇ ਰੋਗਾਂ ਦੇ ਮਰੀਜਾਂ ਲਈ ਮਾਹਿਰ ਦੀ ਸਲਾਹ, ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਉਪਲਬਧ ਹਨ। ਈਐੱਮਸੀ ਗਰੁੱਪ ਆਫ ਹਸਪਤਾਲਜ ਦੀ ਇਸ ਸਾਖਾ ਵਿੱਚ ਡੀਐੱਮ ਕਾਰਡੀਓਲੋਜਿਸਟ ਦੀਆਂ ਸੇਵਾਵਾਂ ਅਤੇ ਕੈਥ ਲੈਬ ਦੀ ਸਹੂਲਤ ਹੋਣ ਨਾਲ ਬਟਾਲਾ ਅਤੇ ਨੇੜਲੇ ਕਸਬਿਆਂ ਤੇ ਪਿੰਡਾਂ ਦੇ ਮਰੀਜ ਆਪਣੇ ਇਲਾਕੇ ਵਿੱਚ ਹੀ ਦਿਲ ਦੇ ਰੋਗਾਂ ਦੇ ਮਾਹਿਰ ਤੋਂ ਸਲਾਹ ਲੈ ਸਕਦੇ ਹਨ। ਦਿਲ ਦੀਆਂ ਧਮਨੀਆਂ ਦੀ ਜਾਂਚ ਲਈ ਕੈਥ ਲੈਬ ਹਸਪਤਾਲ ਦੀ ਕੈਥ ਲੈਬ ਵਿੱਚ ਕੋਰੋਨਰੀ ਐਂਜੀਓਗ੍ਰਾਫੀ ਦੀ ਸਹੂਲਤ ਉਪਲਬਧ ਹੈ। ਇਸ ਜਾਂਚ ਰਾਹੀਂ ਦਿਲ ਨੂੰ ਖੂਨ ਪਹੁੰਚਾਉਣ ਵਾਲੀਆਂ ਧਮਨੀਆਂ ਦੇ ਸੁੰਗੜਨ ਜਾਂ ਉਨ੍ਹਾਂ ਵਿੱਚ ਰੁਕਾਵਟ ਦਾ ਪਤਾ ਲਗਾਇਆ ਜਾਂਦਾ ਹੈ। ਕਾਰਡੀਓਲੋਜਿਸਟ ਮਰੀਜ ਦੀ ਹਾਲਤ ਅਤੇ ਜਾਂਚ ਦੇ ਨਤੀਜਿਆਂ ਦੇ ਆਧਾਰ 'ਤੇ ਅਗਲੇ ਇਲਾਜ ਦੀ ਯੋਜਨਾ ਬਣਾਉਂਦੇ ਹਨ। ਮਰੀਜ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਜਾਂਚ ਦੇ ਨਤੀਜਿਆਂ ਅਤੇ ਅਗਲੀ ਪ੍ਰਕਿਰਿਆ ਬਾਰੇ ਮਾਹਿਰ ਤੋਂ ਜਾਣਕਾਰੀ ਲੈ ਸਕਦੇ ਹਨ। ਲੋੜ ਪੈਣ 'ਤੇ ਐਂਜੀਓਪਲਾਸਟੀ ਅਤੇ ਸਟੈਂਟ ਦੀ ਸਹੂਲਤ ਜਿਨ੍ਹਾਂ ਮਰੀਜਾਂ ਵਿੱਚ ਦਿਲ ਦੀ ਧਮਨੀ ਦੀ ਰੁਕਾਵਟ ਲਈ ਐਂਜੀਓਪਲਾਸਟੀ ਦੀ ਲੋੜ ਪੈਂਦੀ ਹੈ, ਉਨ੍ਹਾਂ ਲਈ ਹਸਪਤਾਲ ਵਿੱਚ ਇਹ ਪ੍ਰਕਿਰਿਆ ਅਤੇ ਸਟੈਂਟ ਲਗਾਉਣ ਦੀ ਸਹੂਲਤ ਉਪਲਬਧ ਹੈ। ਜੇ ਮਾਹਿਰ ਨੂੰ ਤੁਰੰਤ ਪ੍ਰਕਿਰਿਆ ਦੀ ਲੋੜ ਲੱਗੇ, ਤਾਂ ਹਸਪਤਾਲ ਦੀ ਕੈਥ ਲੈਬ ਵਿੱਚ ਇਲਾਜ ਕੀਤਾ ਜਾ ਸਕਦਾ ਹੈ। ਮਰੀਜ ਲਈ ਕਿਹੜਾ ਇਲਾਜ ਢੁੱਕਵਾਂ ਹੈ, ਇਹ ਫੈਸਲਾ ਕਾਰਡੀਓਲੋਜਿਸਟ ਜਾਂਚ ਦੇ ਨਤੀਜਿਆਂ ਅਤੇ ਮਰੀਜ ਦੀ ਹਾਲਤ ਨੂੰ ਧਿਆਨ ਵਿੱਚ ਰੱਖ ਕੇ ਕਰਦੇ ਹਨ।



ਦਿਲ ਦੀ ਧੜਕਣ ਨਾਲ ਜੁੜੀਆਂ ਸਮੱਸਿਆਵਾਂ ਲਈ ਪੇਸਮੇਕਰ ਦੀ ਸਹੂਲਤ

ਦਿਲ ਦੀ ਧੜਕਣ ਨਾਲ ਜੁੜੀਆਂ ਕੁਝ ਸਮੱਸਿਆਵਾਂ ਵਿੱਚ, ਖਾਸ ਕਰਕੇ ਜਦੋਂ ਧੜਕਣ ਅਸਧਾਰਨ ਤੌਰ 'ਤੇ ਹੌਲੀ ਹੋਵੇ, ਮਾਹਿਰ ਪੇਸਮੇਕਰ ਲਗਾਉਣ ਬਾਰੇ ਵਿਚਾਰ ਕਰ ਸਕਦੇ ਹਨ। ਈਐੱਮਸੀ ਹਸਪਤਾਲ, ਬਟਾਲਾ ਵਿਖੇ ਡਾਕਟਰੀ ਲੋੜ ਅਨੁਸਾਰ ਪੇਸਮੇਕਰ ਲਗਾਉਣ ਦੀ ਸਹੂਲਤ ਵੀ ਉਪਲਬਧ ਹੈ। ਦਿਲ ਦੇ ਰੋਗਾਂ ਦਾ ਇਲਾਜ ਕਰਵਾ ਰਹੇ ਮਰੀਜ ਅਗਲੀ ਜਾਂਚ ਅਤੇ ਫਾਲੋ-ਅੱਪ ਲਈ ਵੀ ਕਾਰਡੀਓਲੋਜਿਸਟ ਨਾਲ ਸਲਾਹ ਕਰ ਸਕਦੇ ਹਨ। ਬਟਾਲਾ ਅਤੇ ਆਲੇ-ਦੁਆਲੇ ਦੇ ਮਰੀਜਾਂ ਲਈ ਇਨ੍ਹਾਂ ਸਹੂਲਤਾਂ ਦਾ ਲਾਭ ਇਹ ਹੈ ਕਿ ਮਾਹਿਰ ਦੀ ਸਲਾਹ, ਕੈਥ ਲੈਬ ਵਿੱਚ ਜਾਂਚ ਅਤੇ ਡਾਕਟਰੀ ਲੋੜ ਅਨੁਸਾਰ ਸਟੈਂਟ ਜਾਂ ਪੇਸਮੇਕਰ ਲਗਾਉਣ ਦੀ ਸਹੂਲਤ ਇੱਕੋ ਹਸਪਤਾਲ ਵਿੱਚ ਮਿਲ ਸਕਦੀ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਈਐੱਮਸੀ ਸੁਪਰ ਸਪੈਸਲਿਟੀ ਹਸਪਤਾਲ, ਬਟਾਲਾ ਜਲੰਧਰ ਰੋਡ, ਬੇਰਿੰਗ ਕਾਲਜ ਦੇ ਸਾਹਮਣੇ, ਬਟਾਲਾ

ਭਾਜਪਾ ਹਾਈਕਮਾਂਡ ਵੱਲੋਂ ਰਾਕੇਸ਼ ਕੁਮਾਰ ਗਰਗ 'ਵੀ.ਬੀ.-ਗ੍ਰਾਮ ਜੀ ਸੈੱਲ' ਪੰਜਾਬ ਦੇ ਸੂਬਾ ਕੋ-ਕਨਵੀਨਰ ਨਿਯੁਕਤ

ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ, ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ - ਰਾਕੇਸ਼ ਕੁਮਾਰ ਗਰਗ

ਫਰੀਦਕੋਟ: 12 ਨਵੰਬਰ (ਪ . ਪ)) ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ 'ਵੀ.ਬੀ.-ਗ੍ਰਾਮ ਜੀ ਸੈੱਲ' ਦੀ ਸੂਬਾ ਕਾਰਜਕਾਰਨੀ ਦਾ ਐਲਾਨ ਕੀਤਾ ਗਿਆ ਹੈ। ਇਸ ਸੂਚੀ ਵਿੱਚ ਫਰੀਦਕੋਟ ਜ਼ਿਲ੍ਹੇ ਦੇ ਸੀਨੀਅਰ ਆਗੂ ਸ੍ਰੀ ਰਾਕੇਸ਼ ਕੁਮਾਰ ਗਰਗ ਨੂੰ ਅਹਿਮ ਜ਼ਿੰਮੇਵਾਰੀ ਸੌਂਪਦਿਆਂ ਸੂਬਾ ਕੋ-ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਆਪਣੀ ਇਸ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸ੍ਰੀ ਰਾਕੇਸ਼ ਕੁਮਾਰ ਗਰਗ ਨੇ ਪਾਰਟੀ ਹਾਈਕਮਾਂਡ ਅਤੇ ਸੂਬਾ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਕੇਵਲ ਸਿੰਘ ਢਿੱਲੋਂ, ਸੂਬਾ ਸੰਗਠਨ ਮਹਾਂਮੰਤਰੀ ਸ੍ਰੀ ਮੰਤਰੀ ਸ੍ਰੀਨਿਵਾਸੁਲੂ ਅਤੇ 'ਵੀ.ਬੀ.-ਗ੍ਰਾਮ ਜੀ ਸੈੱਲ' ਪੰਜਾਬ ਦੇ ਸੂਬਾ ਕਨਵੀਨਰ ਸ੍ਰੀ ਚਮਕੀਲਾ ਸਿੰਘ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਜਤਾਉਂਦਿਆਂ ਇਹ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਇਸ ਮੌਕੇ ਸ੍ਰੀ ਰਾਕੇਸ਼ ਕੁਮਾਰ ਗਰਗ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ, ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚਾਉਣ ਲਈ ਦਿਨ-ਰਾਤ ਕੰਮ ਕਰਨਗੇ ਅਤੇ ਆਉਣ ਵਾਲੇ ਸਮੇਂ ਵਿੱਚ ਫਰੀਦਕੋਟ ਸਮੇਤ ਪੂਰੇ ਪੰਜਾਬ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਫਰੀਦਕੋਟ ਦੇ ਭਾਜਪਾ ਵਰਕਰਾਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।



ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਧਾਇਕ ਦਿਨੇਸ ਚੱਢਾ ਦੇ ਯਤਨਾਂ ਸਦਕਾ ਨੂਰਪੁਰਬੇਦੀ ਇਲਾਕੇ ਨੂੰ ਮਿਲੇਗਾ 30 ਬੈਡ਼ਾਂ ਦੇ ਨਵੇਂ ਹਸਪਤਾਲ ਦਾ ਤੋਹਫਾ

ਝਾਂਡੀਆਂ ਕਲਾਂ ਵਿਖੇ ਹਸਪਤਾਲ ਦੀ ਉਸਾਰੀ ਲਈ 13.62 ਕਰੋੜ ਰੁਪਏ ਦੀ ਪ੍ਰਸਾਸਕੀ ਪ੍ਰਵਾਨਗੀ, ਇਲਾਕੇ ਦੀ ਸਿਹਤ ਸਹੂਲਤਾਂ ਨੂੰ ਮਿਲੇਗੀ ਨਵੀਂ ਦਿਸਾ

ਨੂਰਪੁਰ ਬੇਦੀ 12 ਨਵੰਬਰ(ਪ . ਪ)- ਵਿਧਾਇਕ ਐਡਵੋਕੇਟ ਦਿਨੇਸ ਚੱਢਾ ਦੇ ਨਿਰੰਤਰ ਯਤਨਾਂ ਸਦਕਾ ਨੂਰਪੁਰਬੇਦੀ ਇਲਾਕੇ ਨੂੰ ਇੱਕ ਹੋਰ ਵੱਡਾ ਵਿਕਾਸਮਈ ਤੋਹਫਾ ਮਿਲਣ ਜਾ ਰਿਹਾ ਹੈ। ਧਾਮ ਝਾਂਡੀਆਂ ਕਲਾਂ ਵਿਖੇ 30 ਬੈੱਡਾਂ ਦਾ ਆਧੁਨਿਕ ਹਸਪਤਾਲ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ 13 ਕਰੋੜ 62 ਲੱਖ 47 ਹਜਾਰ ਰੁਪਏ ਦੀ ਪ੍ਰਸਾਸਕੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਮਹੱਤਵਪੂਰਨ ਫੈਸਲੇ ਨਾਲ ਇਲਾਕੇ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਵੱਡੀ ਰਾਹਤ ਮਿਲਣ ਦੀ ਉਮੀਦ ਜਾਗੀ ਹੈ। ਇਸ ਸਬੰਧੀ ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਜਾਰੀ ਪੱਤਰ ਅਨੁਸਾਰ ਪਿੰਡ ਝਾਂਡੀਆਂ ਕਲਾਂ ਵਿਖੇ 30 ਬੈੱਡਾਂ ਵਾਲੇ ਕਮਿਊਨਿਟੀ ਹੈਲਥ ਸੈਂਟਰ ਦੀ ਉਸਾਰੀ ਲਈ 1362.47 ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਹ ਪ੍ਰਾਜੈਕਟ ਇਲਾਕੇ ਦੇ ਸਿਹਤ ਢਾਂਚੇ ਨੂੰ ਮਜਬੂਤ ਕਰਨ ਵੱਲ ਇੱਕ ਅਹਿਮ ਕਦਮ ਸਾਬਤ ਹੋਵੇਗਾ। ਇਸ ਪ੍ਰਾਪਤੀ 'ਤੇ ਹਲਕਾ ਵਿਧਾਇਕ ਐਡਵੋਕੇਟ ਦਿਨੇਸ ਚੱਢਾ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸ੍ਰੀ ਵੇਦਾਂਤ ਆਚਾਰਿਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਦੀ ਅਪਾਰ ਕਿਰਪਾ ਸਦਕਾ ਇਹ ਕਾਰਜ ਨੇਪਰੇ ਚੜ੍ਹਨ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲ ਰਹੀ ਹੈ ਅਤੇ ਇਸ ਦਿਸਾ ਵਿੱਚ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਵਿਧਾਇਕ ਚੱਢਾ ਨੇ ਕਿਹਾ ਕਿ ਹੁਣ ਨੂਰਪੁਰਬੇਦੀ ਬਲਾਕ ਵਿੱਚ ਇੱਕ ਨਹੀਂ, ਸਗੋਂ ਦੋ ਹਸਪਤਾਲ ਹੋਣਗੇ, ਜਿਸ ਨਾਲ ਆਮ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਦੇ ਸਹਿਰਾਂ ਵੱਲ ਭੱਜਣ ਦੀ ਮਜਬੂਰੀ ਤੋਂ ਕਾਫੀ ਹੱਦ ਤੱਕ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਵਿਕਾਸ ਦਾ ਅਸਲ ਮਕਸਦ ਸਿਰਫ ਇਮਾਰਤਾਂ ਖੜ੍ਹੀਆਂ ਕਰਨਾ ਨਹੀਂ, ਸਗੋਂ ਲੋਕਾਂ ਦੇ ਜੀਵਨ ਵਿੱਚ ਸੁਖਾਲਾਪਣ ਲਿਆਉਣਾ ਹੈ। ਝਾਂਡੀਆਂ ਕਲਾਂ ਵਿਖੇ ਬਣਨ ਜਾ ਰਿਹਾ ਇਹ ਹਸਪਤਾਲ ਆਉਣ ਵਾਲੇ ਸਮੇਂ ਵਿੱਚ ਇਲਾਕੇ ਦੇ ਲੋਕਾਂ ਲਈ ਸਿਹਤ ਅਤੇ ਉਮੀਦ ਦਾ ਨਵਾਂ ਚਾਨਣ ਬਣੇਗਾ।



ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਪਿੰਡ ਮਾਧੋਪੁਰ ਦੇ ਵਿਕਾਸ ਕਾਰਜਾਂ ਲਈ ਵਿਧਾਇਕ ਦਿਨੇਸ ਚੱਢਾ ਨੇ 9 ਲੱਖ ਰੁਪਏ ਦੀ ਗਰਾਂਟ ਦਾ ਚੈਕ ਕੀਤਾ ਭੇਟ

ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ, ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਮੁੱਖ ਤਰਜੀਹ

ਰੂਪਨਗਰ 12 ਨਵੰਬਰ ((ਪ . ਪ)- ਹਲਕਾ ਰੂਪਨਗਰ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੁਲਾਰਾ ਦੇਣ ਦੀ ਲੜੀ ਤਹਿਤ ਹਲਕਾ ਵਿਧਾਇਕ ਦਿਨੇਸ ਚੱਢਾ ਵੱਲੋਂ ਪਿੰਡ ਮਾਧੋਪੁਰ ਨੂੰ 9 ਲੱਖ ਰੁਪਏ ਦੀ ਗਰਾਂਟ ਦਾ ਚੈੱਕ ਭੇਟ ਕੀਤਾ ਗਿਆ। ਇਹ ਗਰਾਂਟ ਪਿੰਡ ਵਿੱਚ ਲੋੜ ਅਨੁਸਾਰ ਵੱਖ-ਵੱਖ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਖਰਚ ਕੀਤੀ ਜਾਵੇਗੀ। ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਹੋਰ ਮੋਹਤਬਰ ਵਿਅਕਤੀ ਵੀ ਮੌਜੂਦ ਸਨ। ਇਸ ਮੌਕੇ ਵਿਧਾਇਕ ਦਿਨੇਸ ਚੱਢਾ ਨੇ ਕਿਹਾ ਕਿ ਪਿੰਡਾਂ ਦਾ ਵਿਕਾਸ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ ਅਤੇ ਇਸੇ ਉਦੇਸ ਨਾਲ ਹਲਕੇ ਦੇ ਹਰ ਪਿੰਡ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਲਈ ਗਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕਰਨਾ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਪੀਣ ਵਾਲੇ ਪਾਣੀ, ਸੜਕਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਵਿਕਾਸ ਕਾਰਜਾਂ ਲਈ ਜਾਰੀ ਕੀਤੀ ਜਾ ਰਹੀ ਗਰਾਂਟ ਦਾ ਮੁੱਖ ਮਕਸਦ ਪਿੰਡਾਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਲੋੜਾਂ ਨੂੰ ਪੂਰਾ ਕਰਨਾ ਅਤੇ ਪੇਂਡੂ ਖੇਤਰਾਂ ਵਿੱਚ ਬਿਹਤਰ ਮਾਹੌਲ ਸਿਰਜਣਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਪਿੰਡ ਨਾਲ ਵਿਤਕਰਾ ਨਹੀਂ ਕੀਤਾ ਜਾਵੇਗਾ ਅਤੇ ਲੋਕਾਂ ਦੀ ਮੰਗ ਅਨੁਸਾਰ ਕੰਮ ਕਰਵਾਉਣ ਨੂੰ ਪਹਿਲ ਦਿੱਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਪਰਿਸਦ ਮੈਂਬਰ ਜਰਨੈਲ ਸਿੰਘ ਲਾਲੀ, ਭਾਗ ਕੁਮਾਰ ਸੋਨੀ, ਸਮੂਹ ਪੰਚਾਇਤ ਮੈਂਬਰਾਂ ਤੋਂ ਇਲਾਵਾ ਪਿੰਡ ਦੇ ਹੋਰ ਪਤਵੰਤੇ ਸੱਜਣ ਹਾਜਰ ਸਨ।



ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਾਰਡ ਨੰਬਰ 20 'ਚ ਕਾਂਗਰਸ ਪਾਰਟੀ ਨੂੰ ਲੱਗਾ ਵੱਡਾ ਝਟਕਾ, ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਿਲ

ਬਟਾਲਾ ਵਾਸੀ ਵਿਕਾਸ ਕਾਰਜਾਂ ਨੂੰ ਦੇ ਰਹੇ ਨੇ ਭਰਵਾਂ ਸਮਰਥਨ- ਵਿਧਾਇਕ ਸ਼ੈਰੀ ਕਲਸੀ



ਬਟਾਲਾ, 12 ਨਵੰਬਰ (ਪ . ਪ) - ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵਾਰਡ ਨੰਬਰ 20 ਵਿਚੋਂ ਕਾਂਗਰਸ ਪਾਰਟੀ ਦੇ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਮਾਸਟਰ ਕੁਲਵੰਤ ਸਿੰਘ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦਾ ਵਧਦਾ ਪਿਆਰ ਅਤੇ ਵਿਸਵਾਸ ਬਟਾਲਾ ਵਿੱਚ ਆਮ ਆਦਮੀ ਪਾਰਟੀ ਦੀ ਲੋਕਪੱਖੀ ਨੀਤੀਆਂ ਅਤੇ ਸਰਬਪੱਖੀ ਵਿਕਾਸ ਕਾਰਜਾਂ ਦੀ ਗਵਾਹੀ ਭਰਦਾ ਹੈ, ਜਿਸ ਸਦਕਾ ਆਪ ਪਰਿਵਾਰ ਦਾ ਕਾਫਲਾ ਦਿਨੋ ਦਿਨ ਵੱਧ ਰਿਹਾ ਹੈ। ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਕਰੀਬ ਸਾਢੇ ਚਾਰ ਸਾਲਾਂ ਦੇ ਅੰਦਰ ਬਟਾਲਾ ਸ਼ਹਿਰ ਸਮੇਤ ਸਮੁੱਚੇ ਹਲਕੇ ਵਿੱਚ ਪਾਰਦਰਸੀ ਢੰਗ ਨਾਲ ਵਿਕਾਸ ਕੰਮ ਕਰਵਾਏ ਗਏ ਹਨ। ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਬਟਾਲਾ ਵਿੱਚ ਖੁੱਲ੍ਹੀਆਂ ਤੇ ਨਵੀਆਂ ਸੜਕਾਂ, ਪੱਕੀਆਂ ਗਲੀਆਂ, ਸੁੰਦਰ ਅਤੇ ਖੁੱਲ੍ਹੇ ਚੌਕ, ਸੀ.ਸੀ.ਟੀ.ਵੀ ਕੈਮਰੇ, ਸੁੰਦਰ ਐਂਟਰੀ ਗੇਟ, ਟ੍ਰੈਫਿਕ ਲਾਈਟਾਂ, ਸਟ੍ਰੀਟ ਲਾਈਟਾਂ ਅਤੇ ਹਾਈ-ਮਾਸਟ ਲਾਈਟਾਂ, ਮੁਫਤ ਮੈਡੀਕਲ ਸਹੂਲਤ ਲਈ ਪਿੰਡਾਂ ਅਤੇ ਸਹਿਰਾਂ ਵਿੱਚ ਬਣੇ ਮੁਹੱਲਾ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਟ੍ਰੈਫਿਕ ਦੀ ਸਮੱਸਿਆ ਨੂੰ ਦੇਖਦੇ ਅਤੇ ਲੋਕਾਂ ਦੀਆਂ ਜਰੂਰਤਾਂ ਨੂੰ ਇੱਕ ਥਾਂ 'ਤੇ ਹੀ ਪੂਰਾ ਕਰਨ ਲਈ ਤੰਗ ਜਗ